ਕੇਂਦਰ ਸਰਕਾਰ, ਪੰਜਾਬ ਸਰਕਾਰ, ਹਰਿਆਣਾ ਸਰਕਾਰ ਤੋਂ ਹਰ ਤਰ੍ਹਾਂ ਦੇ ਸਰਕਾਰੀ ਇਸ਼ਤਿਹਾਰਾਂ ਲਈ ਮਨਜ਼ੂਰ। ਇਸ਼ਤਿਹਾਰ ਪ੍ਰਕਾਸ਼ਿਤ ਕਰਵਾਉਣ ਲਈ ਸੰਪਰਕ ਕਰੋ। email: advtdeshpardesh.com



ਰੋਜ਼ਾਨਾ

# ਦੇਸ਼ ਪ੍ਰਦੇਸ਼

ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ

ਪ੍ਰਕਾਸ਼ਨ ਦਾ 35ਵਾਂ ਸਾਲ

Email - deshpardeshchd@gmail.com

ਮੁੱਖ ਸੰਪਾਦਕ ਸ਼ਸ਼ੀ ਪਾਲ ਜੈਨ

Des Pardes
ਪੰਜਾਬ ਐਡੀਸ਼ਨ
PUNJAB EDITION
ਸਾਹਿਬਜ਼ਾਦਾ ਅਜੀਤ ਸਿੰਘ ਨਗਰ




ਹਰਿਆਣਾ ਕਮੇਟੀ ਦਾ ਡੰਡਾ ਵੱਲੋਂ 10 ਫਰਵਰੀ ਨੂੰ ਸੱਦਿਆ ਜਨਰਲ ਇਜਲਾਸ ਮੈਂਬਰਾਂ ਦੇ ਨਾਂ ਆਉਣ ਕਾਰਨ ਹੋਇਆ ਫੇਲ੍ਹ 07


ਸਾਲ 36, ਅੰਕ 42 | Ph (Mohali Office) : 0160-2990739; (M) : +91-98156-16078 | ਬੁੱਧਵਾਰ, 11 ਫਰਵਰੀ 2026 ( 29 ਮਾਘ, ਨਾਨਕਸ਼ਾਹੀ ਸੰਮਤ 557 ) | RNI NO. 51354/90. | ਸਫ਼ੇ - 8 | ਮੁੱਲ : ₹ 2


## ਲੋਕ ਸਭਾ 'ਚ ਵਿਰੋਧ ਦਾ ਮਾਮਲਾ ਹੋਰ ਗਰਮਾਇਆ

## ਸਰਕਾਰ ਨੇ ਵਿਰੋਧੀ ਧਿਰ ਦੀਆਂ ਮਹਿਲਾ ਸੰਸਦ ਮੈਂਬਰਾਂ ਵੱਲੋਂ ਪੀਐਮ ਮੋਦੀ ਦਾ ਰਸਤਾ ਰੋਕੇ ਜਾਣ ਦੀ ਫੁਟੇਜ ਕੀਤੀ ਜਾਰੀ



ਨਵੀਂ ਦਿੱਲੀ, 10 ਫਰਵਰੀ (ਦੇਸ਼ ਪ੍ਰਦੇਸ਼ ਬਿਊਰੋ):-ਮੰਗਲਵਾਰ ਨੂੰ ਲੋਕ ਸਭਾ ਵਿੱਚ ਅੜਿੱਕਾ ਹੋਰ ਤੇਜ਼ ਹੋ ਗਿਆ ਜਦੋਂ ਸਰਕਾਰ ਨੇ ਵੀਡੀਓ ਫੁਟੇਜ ਜਾਰੀ ਕੀਤੀ ਜਿਸ ਵਿੱਚ ਵਿਰੋਧੀ ਧਿਰ ਦੀਆਂ ਮਹਿਲਾ ਮੈਂਬਰਾਂ ਨੂੰ ਬੈਨਰ ਲੈ ਕੇ, ਖਜ਼ਾਨੇ ਵਾਲੇ ਪਾਸੇ ਜਾਣ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੀਟ ਵੱਲ ਜਾਣ ਦਾ ਰਸਤਾ ਰੋਕਦੇ ਦਿਖਾਇਆ ਗਿਆ। ਸੰਸਦੀ ਮਾਮਲਿਆਂ ਦੇ ਮੰਤਰੀ ਕਿਰੇਨ ਰਿਜੀਜੂ ਨੇ ਫੁਟੇਜ ਸਾਂਝੀ ਕੀਤੀ, ਜਿਸ ਵਿੱਚ ਕਾਂਗਰਸ ਦੇ ਜੋਤੀਮਣੀ ਦੀ ਅਗਵਾਈ ਵਿੱਚ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੂੰ ਸਿੱਧੇ ਤੌਰ 'ਤੇ ਪ੍ਰਧਾਨ ਮੰਤਰੀ ਦੇ ਰਸਤੇ ਵਿੱਚ ਖੜ੍ਹੇ ਹੁੰਦੇ ਹੋਏ ਦਿਖਾਇਆ ਗਿਆ। 'ਕਾਂਗਰਸ ਪਾਰਟੀ ਆਪਣੇ ਸੰਸਦ ਮੈਂਬਰਾਂ ਦੇ ਸਭ ਤੋਂ ਘਟੀਆ ਵਿਵਹਾਰ 'ਤੇ ਮਾਣ ਕਰਦੀ ਹੈ!! ਜੇਕਰ ਅਸੀਂ ਸਾਰੇ ਭਾਜਪਾ ਸੰਸਦ ਮੈਂਬਰਾਂ ਨੂੰ ਨਾ ਰੋਕਿਆ ਹੁੰਦਾ ਅਤੇ ਮਹਿਲਾ ਸੰਸਦ ਮੈਂਬਰਾਂ ਨੂੰ ਕਾਂਗਰਸ ਸੰਸਦ ਮੈਂਬਰਾਂ ਦਾ ਸਾਹਮਣਾ ਕਰਨ ਦੀ ਇਜਾਜ਼ਤ ਨਾ ਦਿੱਤੀ ਹੁੰਦੀ, ਤਾਂ ਇਹ ਬਹੁਤ ਹੀ ਭੈੜਾ ਦ੍ਰਿਸ਼ ਬਣ ਜਾਂਦਾ। ਸੰਸਦ ਦੀ ਮਾਣ ਅਤੇ ਪਵਿੱਤਰਤਾ ਦੀ ਰੱਖਿਆ ਲਈ ਸਾਡੇ ਕੋਲ ਬਹੁਤ ਉੱਚ ਵਿਚਾਰ ਹੈ,' ਰਿਜਿਜੂ ਨੇ ਕਿਹਾ। ਵਿਰੋਧੀ ਧਿਰ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਹਟਾਉਣ ਲਈ ਇੱਕ ਨੋਟਿਸ ਪੇਸ਼ ਕਰਨ ਦੀ ਯੋਜਨਾ ਬਣਾ ਰਹੀ ਹੈ, ਹਾਲਾਂਕਿ ਤ੍ਰਿਣਮੂਲ ਕਾਂਗਰਸ ਇਸ 'ਤੇ ਦਸਤਖਤ ਕਰਨ ਤੋਂ ਦੂਰ ਰਹੀ ਹੈ। ਹੋਰ ਵਿਰੋਧੀ ਪਾਰਟੀਆਂ ਦੇ 100 ਤੋਂ ਵੱਧ ਸੰਸਦ ਮੈਂਬਰਾਂ ਨੇ ਨੋਟਿਸ 'ਤੇ ਦਸਤਖਤ ਕੀਤੇ ਹਨ। ਕਾਂਗਰਸ ਨੇ ਸਪੀਕਰ 'ਤੇ ਪੱਖਪਾਤ ਦਾ ਦੋਸ਼ ਲਗਾਇਆ ਹੈ, ਦਾਅਵਾ ਕੀਤਾ ਹੈ ਕਿ ਉਸਨੇ ਵਿਰੋਧੀ ਧਿਰ ਦੀਆਂ ਮਹਿਲਾ ਸੰਸਦ ਮੈਂਬਰਾਂ ਦੁਆਰਾ ਦਿੱਤੇ ਬਾਕੀ ਸਫ਼ਾ 7 'ਤੇ

## ਵਿਰੋਧੀ ਧਿਰ ਨੇ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਹਟਾਉਣ ਲਈ ਬੇਭਰੋਸਗੀ ਮਤੇ ਦਾ ਨੋਟਿਸ ਕੀਤਾ ਪੇਸ਼

ਨਵੀਂ ਦਿੱਲੀ, 10 ਫਰਵਰੀ (ਦੇਸ਼ ਪ੍ਰਦੇਸ਼ ਬਿਊਰੋ):ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਸਪੀਕਰ ਓਮ ਬਿਰਲਾ ਨੂੰ ਹਟਾਉਣ ਦੀ ਮੰਗ ਕਰਨ ਵਾਲੇ ਅਵਿਸ਼ਵਾਸ ਮਤੇ 'ਤੇ ਦਸਤਖਤ ਨਹੀਂ ਕੀਤੇ ਹਨ। ਕਾਂਗਰਸ ਸੂਤਰਾਂ ਦਾ ਕਹਿਣਾ ਹੈ ਕਿ ਸੰਸਦੀ ਲੋਕਤੰਤਰ ਵਿੱਚ, ਵਿਰੋਧੀ ਧਿਰ ਦੇ ਨੇਤਾ ਲਈ ਸਪੀਕਰ ਨੂੰ ਹਟਾਉਣ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਦਸਤਖਤ ਕਰਨਾ ਅਣਉਚਿਤ ਮੰਨਿਆ ਜਾਂਦਾ ਹੈ।-

ਲੋਕ ਸਭਾ ਵਿੱਚ ਕਾਂਗਰਸ ਦੇ ਡਿਪਟੀ ਲੀਡਰ ਗੌਰਵ ਗੋਗੋਈ, ਕੇ ਸੁਰੇਸ਼ ਅਤੇ ਮੁਹੰਮਦ ਜਾਵੇਦ ਨੇ ਕਾਂਗਰਸ, ਸਮਾਜਵਾਦੀ ਪਾਰਟੀ ਅਤੇ ਡੀਐਮਕੇ ਸਮੇਤ ਕਈ ਵਿਰੋਧੀ ਪਾਰਟੀਆਂ ਵੱਲੋਂ ਲੋਕ ਸਭਾ ਸਕੱਤਰ ਜਨਰਲ ਉਤਪਲ ਕੁਮਾਰ ਸਿੰਘ ਨੂੰ ਨੋਟਿਸ ਸੌਂਪਿਆ। ਹਾਲਾਂਕਿ, ਟੀਐਮਸੀ ਸੰਸਦ ਮੈਂਬਰਾਂ ਨੇ ਨੋਟਿਸ 'ਤੇ ਦਸਤਖਤ ਨਹੀਂ ਕੀਤੇ ਅਤੇ ਉਹ ਇਸ ਵਿੱਚ ਸ਼ਾਮਲ ਨਹੀਂ ਸਨ। ਵਿਰੋਧੀ ਆਗੂਆਂ ਨੇ ਕਿਹਾ ਕਿ ਇਹ ਕਦਮ ਇੰਡੀਆ ਬਲਾਕ ਦੇ ਅੰਦਰ ਸਲਾਹ-ਮਸ਼ਵਰੇ ਤੋਂ ਬਾਅਦ ਚੁੱਕਿਆ ਗਿਆ ਹੈ ਅਤੇ ਇਸ 'ਤੇ 100 ਸੰਸਦ ਮੈਂਬਰਾਂ ਦੇ ਦਸਤਖਤ ਹਨ। ਉਨ੍ਹਾਂ ਦਾਅਵਾ ਕੀਤਾ ਕਿ ਪ੍ਰਸਤਾਵਿਤ ਮਸੌਦੇ ਨੂੰ ਕਈ ਪਾਰਟੀਆਂ ਦਾ ਸਮਰਥਨ ਪ੍ਰਾਪਤ ਹੈ, ਜਿਨ੍ਹਾਂ ਵਿੱਚ ਕਾਂਗਰਸ, ਸਮਾਜਵਾਦੀ ਪਾਰਟੀ, ਡੀਐਮਕੇ, ਖੱਬੇ-ਪੱਖੀ ਪਾਰਟੀਆਂ, ਆਰਜੇਡੀ, ਸ਼ਿਵ ਸੈਨਾ (ਯੂਬੀਟੀ) ਅਤੇ ਐਨਸੀਪੀ (ਐਸਪੀ) ਸ਼ਾਮਲ ਹਨ।

ਬਜਟ ਸੈਸ਼ਨ ਦੇ 10ਵੇਂ ਦਿਨ ਮੰਗਲਵਾਰ ਨੂੰ ਲੋਕ ਸਭਾ ਵਿੱਚ ਜ਼ਬਰਦਸਤ ਹੰਗਾਮਾ ਦੇਖਣ ਨੂੰ ਮਿਲਿਆ, ਜਿਸ ਕਾਰਨ ਕਾਰਵਾਈ ਕਈ ਵਾਰ ਰੁਕੀ। ਸਵੇਰੇ 11 ਵਜੇ ਜਿਵੇਂ ਹੀ ਸਦਨ ਦੀ ਕਾਰਵਾਈ ਸ਼ੁਰੂ ਹੋਈ, ਵਿਰੋਧੀ ਧਿਰ ਨੇ ਵੱਖ-ਵੱਖ ਮੁੱਦਿਆਂ 'ਤੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਚਰਚਾ ਨਾ ਹੋਣ



ਬਾਕੀ ਸਫ਼ਾ 7 'ਤੇ

## ਮੁੱਖ ਮੰਤਰੀ ਨੇ ਇੱਕ ਦਿਨ 'ਚ 18 ਭਲਾਈ ਯੋਜਨਾਵਾਂ ਦੇ ਲਾਭਪਾਤਰੀਆਂ ਨੂੰ 1,431 ਕਰੋੜ ਰੁਪਏ ਜਾਰੀ ਕੀਤੇ

### ਸ਼ਿਕਾਇਤਾਂ ਦਾ ਸਮੇਂ ਸਿਰ ਹੱਲ ਕਰਨਾ ਸਰਕਾਰ ਦੀ ਤਰਜੀਹ

ਚੰਡੀਗੜ੍ਹ,10 ਫਰਵਰੀ (ਦੇਸ਼ ਪ੍ਰਦੇਸ਼ ਬਿਊਰੋ):- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮੰਗਲਵਾਰ ਨੂੰ ਇੱਕ ਦਿਨ ਵਿੱਚ 18 ਵੱਖ-ਵੱਖ ਭਲਾਈ ਯੋਜਨਾਵਾਂ ਦੇ ਤਹਿਤ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਲਗਭਗ 1,431 ਕਰੋੜ ਰੁਪਏ ਸਿੱਧੇ ਜਾਰੀ ਕੀਤੇ। ਇਸ ਪਹਿਲਕਦਮੀ ਨਾਲ ਸੂਬੇ ਦੇ ਲਗਭਗ 5.634 ਮਿਲੀਅਨ ਲਾਭਪਾਤਰੀਆਂ ਨੂੰ ਸਿੱਧਾ ਲਾਭ ਪਹੁੰਚਿਆ ਹੈ।

ਮੰਗਲਵਾਰ ਨੂੰ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਜਾਰੀ ਕੀਤੀ ਗਈ ਰਕਮ ਵਿੱਚ ਦੀਨ ਦਿਆਲ ਲਾਡੋ ਲਕਸ਼ਮੀ ਯੋਜਨਾ ਦੀ ਚੌਥੀ ਕਿਸ਼ਤ, ਸਮਾਜਿਕ ਸੁਰੱਖਿਆ ਪੈਨਸ਼ਨ ਯੋਜਨਾਵਾਂ, ਹਰ ਘਰ-ਹਰ ਗ੍ਰਹਿਣੀ ਯੋਜਨਾ ਅਧੀਨ ਗੈਸ ਸਿਲੰਡਰ ਸਬਸਿਡੀ ਅਤੇ ਦੁੱਧ ਉਤਪਾਦਕਾਂ ਲਈ ਪ੍ਰੋਤਸਾਹਨ ਸ਼ਾਮਲ ਹਨ।

ਇਸ ਮੌਕੇ ਸਹਿਕਾਰਤਾ ਮੰਤਰੀ ਡਾ. ਅਰਵਿੰਦ ਸ਼ਰਮਾ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਅਤੇ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਮੌਜੂਦ ਸਨ ਮੁੱਖ ਮੰਤਰੀ ਨੇ ਦੱਸਿਆ ਕਿ ਦੀਨ ਦਿਆਲ ਲਾਡੋ ਲਕਸ਼ਮੀ ਯੋਜਨਾ ਤਹਿਤ ਅੱਜ 922,452 ਮਹਿਲਾ ਲਾਭਪਾਤਰੀਆਂ




ਦੇ ਬੈਂਕ ਖਾਤਿਆਂ ਵਿੱਚ 193 ਕਰੋੜ ਰੁਪਏ ਸਿੱਧੇ ਟ?ਰਾਂਸਫਰ ਕੀਤੇ ਗਏ ਹਨ। ਹੁਣ ਤੱਕ, ਇਸ ਯੋਜਨਾ ਤਹਿਤ ਚਾਰ ਕਿਸ਼ਤਾਂ ਵਿੱਚ ਕੁੱਲ 634 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ। ਇਸ ਯੋਜਨਾ ਤਹਿਤ, 23 ਸਾਲ ਅਤੇ ਇਸ ਤੋਂ ਵੱਧ ਉਮਰ ਦੀਆਂ ਔਰਤਾਂ ਜਿਨ੍ਹਾਂ ਦੀ ਪਰਿਵਾਰਕ ਆਮਦਨ ?100,000 ਪ੍ਰਤੀ ਮਹੀਨਾ ਤੋਂ ਘੱਟ ਹੈ, ਵਿੱਤੀ ਸਹਾਇਤਾ ਲਈ ਯੋਗ ਹਨ। ਹਾਲਾਂਕਿ, 180,000 ਰੁਪਏ ਦੀ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੀਆਂ ਔਰਤਾਂ ਵੀ ਹੁਣ ਯੋਗ ਹਨ, ਜਿਨ੍ਹਾਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਹਨ ਅਤੇ ਜਿਨ੍ਹਾਂ ਨੇ 10ਵੀਂ ਜਾਂ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ। ਜਾਂ 'ਨਿਪੁਣ ਭਾਰਤ ਮਿਸ਼ਨ' ਤਹਿਤ ਪਹਿਲੀ ਤੋਂ ਚੌਥੀ ਜਮਾਤ ਵਿੱਚ ਗ੍ਰੇਡ-ਪੱਧਰ ਦੀ ਮੁਹਾਰਤ ਪ੍ਰਾਪਤ ਕੀਤੀ ਹੈ, ਅਤੇ ਉਹ ਮਾਵਾਂ ਜਿਨ੍ਹਾਂ ਨੇ ਆਪਣੇ ਬੱਚਿਆਂ ਨੂੰ ਕੁਪੋਸ਼ਣ ਤੋਂ ਸਫਲਤਾਪੂਰਵਕ ਮੁੜ ਵਸਾਇਆ ਹੈ।

ਉਨ੍ਹਾਂ ਕਿਹਾ ਕਿ ਪੰਡਿਤ ਦੀਨਦਿਆਲ ਉਪਾਧਿਆਏ ਦੀ 109ਵੀਂ ਜਯੰਤੀ ਦੇ ਮੌਕੇ 'ਤੇ 25 ਸਤੰਬਰ, 2025 ਨੂੰ ਸ਼ੁਰੂ ਕੀਤੀ ਗਈ ਦੀਨਦਿਆਲ ਲਾਡੋ ਲਕਸ਼ਮੀ ਮੋਬਾਈਲ ਐਪ ਰਾਹੀਂ 10,51,029 ਔਰਤਾਂ ਨੇ ਅਰਜ਼ੀ ਦਿੱਤੀ ਸੀ। ਇਨ੍ਹਾਂ ਵਿੱਚੋਂ 9,22,452 ਔਰਤਾਂ ਯੋਗ ਪਾਈਆਂ ਗਈਆਂ। ਉਨ੍ਹਾਂ ਕਿਹਾ ਕਿ ਫਰਵਰੀ 2026 ਤੋਂ ਹਰ ਮਹੀਨੇ 1,100 ਰੁਪਏ ਸਿੱਧੇ ਲਾਭਪਾਤਰੀ ਦੇ ਬਚਤ ਬੈਂਕ ਖਾਤੇ ਵਿੱਚ ਜਮ ?ਹਾਂ ਕਰਵਾਏ ਜਾਣਗੇ, ਜਦੋਂ ਕਿ 1,000 ਰੁਪਏ ਸਰਕਾਰ ਦੁਆਰਾ ਚਲਾਏ ਜਾ ਰਹੇ ਫਿਕਸਡ ਡਿਪਾਜ਼ਿਟ ਖਾਤੇ ਵਿੱਚ ਜਮ ?ਹਾਂ ਕਰਵਾਏ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਬੁਢਾਪਾ, ਵਿਧਵਾ, ਅਪਾਹਜ ਅਤੇ ਹੋਰ ਸਮਾਜਿਕ ਸੁਰੱਖਿਆ ਪੈਨਸ਼ਨ ਸਕੀਮਾਂ ਤਹਿਤ ਅੱਜ 1,098 ਕਰੋੜ ਰੁਪਏ ਜਾਰੀ ਕੀਤੇ ਗਏ ਹਨ, ਜਿਸ ਨਾਲ 34.14 ਲੱਖ ਲੋਕਾਂ ਨੂੰ ਸਿੱਧਾ ਲਾਭ ਪਹੁੰਚਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੈਨਸ਼ਨ ਮੁੱਦਿਆਂ ਅਤੇ ਆਮਦਨ-ਅਧਾਰਤ ਯੋਗਤਾ ਸੰਬੰਧੀ ਸ਼ਿਕਾਇਤਾਂ ਉਨ੍ਹਾਂ ਦੇ ਧਿਆਨ ਵਿੱਚ ਆਈਆਂ ਹਨ। ਉਨ੍ਹਾਂ ਨੇ ਸਾਰੇ ਜ਼ਿਲ੍ਹਿਆਂ ਦੇ ਏਡੀਸੀਜ਼ ਨੂੰ ਇਨ੍ਹਾਂ ਸ਼ਿਕਾਇਤਾਂ ਅਤੇ ਅਪੀਲਾਂ ਦਾ ਹੱਲ ਕਰਨ ਅਤੇ ਯੋਗਤਾ ਦਾ ਬਾਕੀ ਸਫ਼ਾ 7 'ਤੇ

## ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਭ ਦੀ ਸਾਂਝੀ ਜ਼ਿੰਮੇਵਾਰੀ - ਰਾਜਪਾਲ ਕਟਾਰੀਆ

### ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਹੇਠ ਫਿਰੋਜ਼ਪੁਰ 'ਚ ਕੱਢੀ ਗਈ ਨਸ਼ਿਆਂ ਵਿਰੁੱਧ ਵਿਸ਼ਾਲ ਪੈਦਲ ਯਾਤਰਾ

ਫ਼ਿਰੋਜ਼ਪੁਰ, 10 ਫ਼ਰਵਰੀ(ਪਰੇਸ਼ ਕੁਮਾਰ ਡਿੰਪੀ)-ਪੰਜਾਬ ਨੂੰ ਨਸ਼ਾ ਮੁਕਤ ਅਤੇ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਦੇ ਉਦੇਸ਼ ਨਾਲ ਮਾਨਯੋਗ ਰਾਜਪਾਲ ਪੰਜਾਬ ਸ਼੍ਰੀ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਹੇਠ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਵਿਸ਼ਾਲ ਪੈਦਲ ਯਾਤਰਾ ਸਾਰਗੜ੍ਹੀ ਗੁਰਦੁਆਰਾ ਸਾਹਿਬ ਤੋਂ ਸਕੂਲ ਆਫ਼ ਐਮੀਨੈਂਸ ਫ਼ਿਰੋਜ਼ਪੁਰ ਸ਼ਹਿਰ ਤੱਕ ਕੱਢੀ ਗਈ। ਇਸ ਪੈਦਲ ਯਾਤਰਾ ਵਿੱਚ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਸਮੇਤ, ਸੂਬੇ ਦੀਆਂ ਕਈ ਯੂਨਵਰਸਿਟੀਆਂ ਦੇ ਉਪਕੁਲਪਤੀ, ਸਕੂਲਾਂ ਅਤੇ ਕਾਲਜਾਂ ਦੇ ਮੁਖੀ, ਕਈ ਰਾਜਸੀ ਪਾਰਟੀਆਂ ਦੇ ਆਗੂ ਵੀ ਸ਼ਾਮਿਲ ਹੋਏ। ਇਸ ਤੋਂ ਯਾਤਰਾ ਵਿੱਚ ਸੂਬੇ ਭਰ ਤੋਂ ਹਜ਼ਾਰਾਂ ਵਿਦਿਆਰਥੀਆਂ, ਐਨ.ਜੀ.ਓਜ਼, ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਉੱਘੀਆਂ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਦਿਆਂ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਸੰਕਲਪ ਲਿਆ। ਇਸ ਮੌਕੇ ਰਾਜਪਾਲ ਜੀ ਵੱਲੋਂ ਸਭ ਤੋਂ ਪਹਿਲਾਂ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕ ਕੇ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਜੇ ਗੇੜ ਦੀ ਸ਼ੁਰੂਆਤ ਕੀਤੀ ਗਈ।

ਰਾਜਪਾਲ ਪੰਜਾਬ ਨੇ ਖ਼ੁਦ ਇਸ ਪੈਦਲ ਯਾਤਰਾ ਦੀ ਅਗਵਾਈ ਕਰਦਿਆਂ ਨਸ਼ਿਆਂ ਵਿਰੁੱਧ ਸੂਬੇ ਪੱਧਰ 'ਤੇ ਸਭ ਵਰਗਾਂ ਨੂੰ ਇਕਜੁੱਟ ਹੋ ਕੇ ਲੜਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਸਿਰਫ਼ ਵਿਅਕਤੀ ਦਾ ਹੀ ਨਹੀਂ ਸਗੋਂ ਪੂਰੇ ਸਮਾਜ ਦਾ ਭਾਰੀ ਨੁਕਸਾਨ ਹੁੰਦਾ ਹੈ, ਇਸ ਲਈ ਇਸ ਬੁਰਾਈ ਨੂੰ ਜੜ੍ਹੋਂ ਖਤਮ ਕਰਨ ਲਈ ਸਾਂਝੀ ਕੋਸ਼ਿਸ਼ ਲਾਜ਼ਮੀ ਹੈ। ਯਾਤਰਾ ਉਪਰੰਤ ਸਕੂਲ ਆਫ਼ ਐਮੀਨੈਂਸ ਵਿਖੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਜ਼ੋਰ ਦਿੰਦਿਆਂ






ਕਿਹਾ ਕਿ ਸਭ ਤੋਂ ਪਹਿਲਾਂ ਸਿੱਖਿਆ ਸੰਸਥਾਵਾਂ ਨੂੰ ਨਸ਼ਾ ਮੁਕਤ ਬਣਾਉਣ ਦੀ ਲੋੜ ਹੈ ਕਿਉਂਕਿ ਨੌਜਵਾਨੀ ਦੇ ਸਹੀ ਰਾਹ 'ਤੇ ਪੈਣ ਨਾਲ ਹੀ ਸੂਬੇ ਦਾ ਭਵਿੱਖ ਸੁਰੱਖਿਅਤ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਫੇਜ਼ ਵਾਈਜ਼ ਮੁਹਿੰਮ ਚਲਾਈ ਜਾ ਰਹੀ ਹੈ ਪਰ ਇਸ ਨੂੰ ਸਫਲ ਬਣਾਉਣ ਲਈ ਸਿੱਖਿਆ ਸੰਸਥਾਵਾਂ, ਧਾਰਮਿਕ ਸੰਸਥਾਵਾਂ, ਸਮਾਜਿਕ ਸੰਸਥਾਵਾਂ, ਰਾਜਨੀਤਿਕ ਪਾਰਟੀਆਂ, ਪੰਚਾਇਤਾਂ ਅਤੇ ਆਮ ਲੋਕਾਂ ਨੂੰ ਇਕੱਠੇ ਹੋ ਕੇ ਇਹ ਲੜਾਈ ਲੜਨੀ ਪਵੇਗੀ।

ਰਾਜਪਾਲ ਨੇ ਖ਼ਾਸ ਤੌਰ 'ਤੇ ਔਰਤਾਂ ਨੂੰ ਅੱਗੇ ਆ ਕੇ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਦੀ ਅਗਵਾਈ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਮਾਂ, ਭੈਣ ਅਤੇ ਧੀ ਦੇ ਰੂਪ ਵਿੱਚ ਔਰਤਾਂ ਸਮਾਜ ਨੂੰ ਸਹੀ ਦਿਸ਼ਾ ਦੇ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਗੁਰੂਆਂ ਦੇ ਬਲੀਦਾਨਾਂ ਤੋਂ ਸਿੱਖਿਆ ਲੈਣੀ ਚਾਹੀਦੀ ਹੈ। ਸਾਡੇ ਬਜ਼ੁਰਗਾਂ ਨੇ ਸਾਡੀ ਸੰਸਕ੍ਰਿਤੀ ਅਤੇ ਸ਼ਾਨ ਨੂੰ ਬਚਾਉਣ ਲਈ ਆਪਣੀਆਂ ਜਾਨਾਂ ਤੱਕ ਕੁਰਬਾਨ ਕਰ ਦਿੱਤੀਆਂ, ਤਾਂ ਕਿ ਅਸੀਂ ਇਕ ਛੋਟੀ ਜਿਹੀ ਨਸ਼ਿਆਂ ਦੀ ਅਲਾਮਤ ਨੂੰ ਖਤਮ ਨਹੀਂ ਕਰ ਸਕਦੇ? ਇਹ ਸਾਡਾ ਧਾਰਮਿਕ ਅਤੇ ਨੈਤਿਕ ਫ਼ਰਜ਼ ਬਣਦਾ ਹੈ ਕਿ ਅਸੀਂ ਇਸ ਬਿਮਾਰੀ ਨੂੰ ਜੜ੍ਹੋਂ ਮਿਟਾਈਏ। ਉਨ੍ਹਾਂ ਕਿਹਾ ਕਿ ਸਾਡਾ ਗੁਆਂਢੀ ਦੁਸ਼ਮਣ ਦੇਸ਼ ਡਰੋਨਾਂ ਰਾਹੀਂ ਨਸ਼ਿਆਂ ਦੀ ਸਪਲਾਈ ਕਰਕੇ ਸਾਡੀ ਨੌਜਵਾਨ ਪੀੜ੍ਹੀ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਸਰਕਾਰ ਵੱਲੋਂ ਐਂਟੀ-ਡਰੋਨ ਸਿਸਟਮ ਸਮੇਤ ਕਈ ਕੜੇ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਇਸ ਸਾਜ਼ਿਸ਼ ਨੂੰ ਨਾਕਾਮ ਬਣਾਇਆ ਜਾ ਸਕੇ। ਅੰਤ ਵਿੱਚ ਮਾਨਯੋਗ ਰਾਜਪਾਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਸਾਂਝੇ ਤੌਰ 'ਤੇ ਹੀ ਜਿੱਤੀ ਜਾ ਸਕਦੀ ਹੈ ਅਤੇ ਸਮੂਹ ਪੰਜਾਬ ਵਾਸੀਆਂ ਦੇ ਸਹਿਯੋਗ ਨਾਲ ਇਸ ਮਿਸ਼ਨ ਵਿੱਚ ਜਲਦੀ ਸਫਲਤਾ ਮਿਲੇਗੀ। ਸਮਾਗਮ ਦੇ ਬਾਕੀ ਸਫ਼ਾ 7 'ਤੇ

## ਨਸ਼ਿਆਂ ਵਿਰੁੱਧ ਮੁਹਿੰਮ ਜਾਂ ਅਕਾਲੀ-ਭਾਜਪਾ ਗਠਜੋੜ ਦੀ ਮੁੜ ਸੁਰਜੀਤੀ ਲਈ ਚਲਾਈ ਜਾ ਰਹੀ ਇੱਕ ਸਮਝੌਤਾ ਐਕਸਪ੍ਰੈੱਸ

ਚੰਡੀਗੜ੍ਹ 10 ਫਰਵਰੀ (ਦੇਸ਼ ਪ੍ਰਦੇਸ਼ ਬਿਊਰੋ):- : ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸੂਬੇ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਕੱਢੇ ਗਏ ਨਸ਼ਾ ਵਿਰੋਧੀ ਮਾਰਚ ਦੀ ਨੀਅਤ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਵੜਿੰਗ ਨੇ ਇਕ ਟਵੀਟ ਰਾਹੀਂ ਰਾਜਪਾਲ ਨੂੰ ਸਿੱਧਾ ਸਵਾਲ ਕੀਤਾ ਕਿ ਕੀ ਇਹ ਮਾਰਚ ਅਸਲ 'ਚ ਨਸ਼ਿਆਂ ਵਿਰੁੱਧ ਕੋਈ ਮੁਹਿੰਮ ਹੈ ਜਾਂ ਫਿਰ ਸੂਬੇ 'ਚ ਅਕਾਲੀ-ਭਾਜਪਾ ਗਠਜੋੜ ਦੀ ਮੁੜ ਸੁਰਜੀਤੀ ਲਈ ਚਲਾਈ



ਜਾ ਰਹੀ ਇੱਕ ਸਮਝੌਤਾ ਐਕਸਪ੍ਰੈੱਸ ਹੈ। ਰਾਜਾ ਵੜਿੰਗ ਨੇ ਸਰਹੱਦੀ ਸੁਰੱਖਿਆ ਦੇ ਹਵਾਲੇ ਨਾਲ ਕੇਂਦਰ ਸਰਕਾਰ ਨੂੰ ਵੀ ਘੇਰਿਆ। ਉਨ੍ਹਾਂ ਪੁੱਛਿਆ ਕਿ ਕੀ ਰਾਜਪਾਲ ਨੇ ਇਸ ਮਾਰਚ ਦੀ ਅਗਵਾਈ ਕਰਨ ਤੋਂ ਪਹਿਲਾਂ ਕੇਂਦਰੀ ਗ੍ਰਹਿ ਮੰਤਰਾਲੇ ਨਾਲ ਗੱਲਬਾਤ ਕੀਤੀ ਹੈ ਕਿਉਂਕਿ ਸਰਹੱਦਾਂ ਦੀ ਸੁਰੱਖਿਆ ਸਿੱਧੇ ਤੌਰ 'ਤੇ ਉਨ੍ਹਾਂ ਦੇ ਅਧੀਨ ਆਉਂਦੀ ਹੈ। ਉਨ੍ਹਾਂ ਯਾਦ ਦਿਵਾਇਆ ਕਿ ਹੁਣ ਬੀ. ਐੱਸ. ਐੱਫ. ਦਾ ‹ ਬਾਕੀ ਸਫ਼ਾ 7 'ਤੇ

## ਹਰ ਪੰਜਾਬੀ ਨੂੰ ਮਿਲੇਗਾ 10 ਲੱਖ ਤੱਕ ਮੁਫ਼ਤ ਇਲਾਜ; ਸੀਐਮ ਮਾਨ ਨੇ ਅਫ਼ਵਾਹਾਂ ਨੂੰ ਨਕਾਰਿਆ

ਚੰਡੀਗੜ੍ਹ 10 ਫਰਵਰੀ (ਦੇਸ਼ ਪ੍ਰਦੇਸ਼ ਬਿਊਰੋ):- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੀ ਜਨਤਾ ਲਈ 10 ਲੱਖ ਰੁਪਏ ਵਾਲੀ ਸਿਹਤ ਬੀਮਾ ਯੋਜਨਾ ਨੂੰ ਲੈ ਕੇ ਇੱਕ ਬਹੁਤ ਹੀ ਅਹਿਮ ਅਤੇ ਭਰੋਸੇਮੰਦ ਬਿਆਨ ਜਾਰੀ ਕੀਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਯੋਜਨਾ ਤਹਿਤ ਹੁਣ ਕੋਈ ਵੀ ਪੰਜਾਬ ਵਾਸੀ ਪੈਸਿਆਂ ਦੀ ਘਾਟ ਕਾਰਨ ਬਿਹਤਰ ਇਲਾਜ ਤੋਂ ਵਾਂਝਾ ਨਹੀਂ ਰਹੇਗਾ।

ਮੁੱਖ ਮੰਤਰੀ ਮਾਨ ਨੇ ਦੱਸਿਆ ਕਿ ਯੋਜਨਾ ਦੇ ਲਾਭਪਾਤਰੀਆਂ ਦੇ ਕਾਰਡ ਬਣਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ। ਪੰਜਾਬ ਦੇ ਹਸਪਤਾਲਾਂ ਵਿੱਚ ਇਸ ਯੋਜਨਾ ਦੇ ਤਹਿਤ ਮਰੀਜ਼ਾਂ ਦਾ ਮੁਫ਼ਤ ਇਲਾਜ ਸ਼ੁਰੂ ਹੋ ਚੁੱਕਾ ਹੈ। ਹੁਣ ਹਰ ਪੰਜਾਬੀ ਪਰਿਵਾਰ ਨੂੰ



ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਸੀਐਮ ਮਾਨ ਨੇ ਵਿਰੋਧੀ ਪਾਰਟੀਆਂ ਵੱਲੋਂ ਫੈਲਾਈਆਂ ਜਾ ਰਹੀਆਂ ਅਫ਼ਵਾਹਾਂ ਦਾ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਪੰਜਾਬ ਵਿਰੋਧੀ ਲੋਕ ਇਸ ਯੋਜਨਾ ਬਾਰੇ ਗਲਤ ਜਾਣਕਾਰੀ ਫੈਲਾ ਕੇ ਜਨਤਾ ਨੂੰ ਗੁਮਰਾਹ ਕਰ ਰਹੇ ਹਨ। ਵਿਰੋਧੀਆਂ ਵੱਲੋਂ ਕੀਤੇ ਜਾ ਰਹੇ ਦਾਅਵੇ ਬਿਲਕੁਲ ਗਲਤ ਅਤੇ ਬੇਬੁਨਿਆਦ ਹਨ। ਇਹ ਯੋਜਨਾ ਪੂਰੀ ਤਰ੍ਹਾਂ ਲਾਗੂ ਹੈ ਅਤੇ ਹਰ ਬਾਕੀ ਸਫ਼ਾ 7 'ਤੇ

## ਐਮ ਪੀ ਸਤਨਾਮ ਸਿੰਘ ਸੰਧੂ ਨੇ ਚੰਡੀਗੜ੍ਹ ਕੌਮਾਂਤਰੀ ਹਵਾਈ ਅੱਡੇ ਤੋਂ ਲੰਡਨ, ਸਿੰਗਾਪੁਰ ਅਤੇ ਵੈਨਕੂਵਰ ਲਈ ਸਿੱਧੀਆਂ ਉਡਾਨਾਂ ਦੀ ਕੀਤੀ ਮੰਗ

ਖਰੜ 10 ਫਰਵਰੀ (ਸ਼ਸ਼ੀ ਪਾਲ ਜੈਨ)-ਨਜ਼ਦੀਕੀ ਪਿੰਡ ਘੜੂੰਆਂ ਵਿਖੇ ਸਥਿਤ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਅਤੇ ਮੈਂਬਰ ਪਾਰਲੀਮੈਂਟ ਸਤਨਾਮ ਸਿੰਘ ਸੰਧੂ ਨੇ ਮੰਗਲਵਾਰ ਨੂੰ ਰਾਜ ਸਭ ਵਿੱਚ ਸ਼ਹੀਦ ਭਗਤ ਸਿੰਘ ਕੌਮਾਂਤਰੀ ਹਵਾਈ ਅੱਡੇ (ਚੰਡੀਗੜ੍ਹ ਇੰਟਰਨੈਸ਼ਨਲ ਏਅਰ ਪੋਰਟ) ਉੱਪਰ ਉਡਾਣਾਂ ਦੀ ਗਿਣਤੀ ਨੂੰ ਵਧਾਉਣ ਦਾ ਮੁੱਦਾ ਚੁੱਕਿਆ। ਐਮਪੀ ਸੰਧੂ ਨੇ ਚੰਡੀਗੜ੍ਹ ਦੇ ਕੌਮਾਂਤਰੀ ਹਵਾਈ ਅੱਡੇ ਤੋਂ ਲੰਡਨ, ਸਿੰਗਾਪੁਰ ਅਤੇ ਵੈਨਕੂਵਰ ਲਈ ਫ਼ਲਾਈਟਾਂ ਸ਼ੁਰੂ ਕਰਨ ਦੀ ਮੰਗ ਕੀਤੀ। ਸੰਸਦ ਦੇ ਬਜਟ ਸੈਸ਼ਨ ਦੇ ਸਿਫ਼ਰ ਕਾਲ ਦੌਰਾਨ ਚੰਡੀਗੜ੍ਹ ਹਵਾਈ ਅੱਡੇ ਤੋਂ ਕੌਮਾਂਤਰੀ ਉਡਾਣਾਂ ਦੀ ਗਿਣਤੀ ਵਧਾਉਣ ਦੀ ਮੰਗ ਕਰਦਿਆਂ ਐਮਪੀ ਸੰਧੂ ਨੇ ਕਿਹਾ, "ਚੰਡੀਗੜ੍ਹ ਅੰਤਰਰਾਸ਼ਟਰੀ ਹਵਾਈ ਅੱਡੇ ਨੂੰ 'ਪੁਆਇੰਟ ਆਫ਼ ਕਾਲ' ਸੂਚੀ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ।" ਜਿਕਰਯੋਗ ਹੈ ਕਿ 'ਪੁਆਇੰਟ ਆਫ਼ ਕਾਲ' ਦੇ ਤਹਿਤ ਦੋ ਮੁਲਕਾਂ ਵਿਚਾਲੇ ਸਮਝੌਤਾ ਹੁੰਦਾ ਹੈ, ਜਿਸ ਤੋਂ ਬਾਅਦ ਹੀ ਕੌਮਾਂਤਰੀ ਏਅਰ ਲਾਈਨ ਕੰਪਨੀਆਂ ਨੂੰ ਕਿਸੇ ਖ਼ਾਸ ਹਵਾਈ ਅੱਡੇ ਤੋਂ ਦੁਨੀਆ ਭਰ ਵਿੱਚ



ਉਡਾਣ ਭਰਨ ਲਈ ਇਜਾਜ਼ਤ ਮਿਲਦੀ ਹੈ। ਸੰਧੂ ਨੇ ਕੇਂਦਰ ਸਰਕਾਰ ਨੂੰ ਪੰਜਾਬ ਦੇ ਦੋਵੇਂ ਕੌਮਾਂਤਰੀ ਹਵਾਈ ਅੱਡਿਆਂ ਚੰਡੀਗੜ੍ਹ ਬਾਕੀ ਸਫ਼ਾ 7 'ਤੇ

## ਭਾਰਤ-ਅਮਰੀਕਾ ਵਪਾਰ ਸਮਝੌਤਾ, ਕਿਸਾਨਾਂ ਦੇ ਹਿੱਤ ਸੁਰੱਖਿਅਤ ਰੱਖਦੇ ਹੋਏ ਦੇਸ਼ ਦੀ ਤਰੱਕੀ ਲਈ ਨਵਾਂ ਰਨਵੇਅ-ਸੁਨੀਲ ਜਾਖੜ

ਅੰਮ੍ਰਿਤਸਰ, 10 ਫਰਵਰੀ ( ਰਾਜੇਸ਼ ਡੈਨੀ ): ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਭਾਰਤ-ਅਮਰੀਕਾ ਵਪਾਰ ਸਮਝੌਤੇ ਨੇ ਦੇਸ਼ ਨੂੰ ਵਿਕਸਤ ਦੇਸ਼ ਬਣਾਉਣ ਵੱਲ ਤਰੱਕੀ ਦੇ ਦਰਵਾਜ਼ੇ ਖੋਲ੍ਹ ਦਿੱਤੇ ਹਨ ਅਤੇ ਦੇਸ਼ ਦੇ ਕਿਸਾਨਾਂ ਨੂੰ ਸੁਰੱਖਿਆ ਢਾਲ ਮੁਹੱਈਆ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਦੇਸ਼ ਨੂੰ ਤਰੱਕੀ ਦੀਆਂ ਨਵੀਆਂ ਉਚਾਈਆਂ 'ਤੇ ਲਿਜਾਣ ਲਈ ਇੱਕ ਰਨਵੇਅ ਵਜੋਂ ਕੰਮ ਕਰੇਗਾ। ਉਹ ਅੱਜ ਅੰਮ੍ਰਿਤਸਰ ਦੇ ਭਾਜਪਾ ਜ਼ਿਲ੍ਹਾ ਦਫ਼ਤਰ, ਸ਼ਹੀਦ ਹਰਬੰਸ ਲਾਲ ਖੰਨਾ ਸਮਾਰਕ ਵਿਖੇ ਆਯੋਜਿਤ ਇੱਕ ਪ੍ਰੈਸ ਕਾਨਫਰੰਸ ਵਿੱਚ ਮੀਡੀਆ ਨੂੰ ਸੰਬੋਧਨ ਕਰ ਰਹੇ ਸਨ। ਜ਼ਿਲ੍ਹਾ ਦਫ਼ਤਰ ਪਹੁੰਚਣ 'ਤੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਨੇ ਆਪਣੇ ਅਧਿਕਾਰੀਆਂ ਸਮੇਤ ਸੂਬਾ ਪ੍ਰਧਾਨ ਸੁਨੀਲ ਜਾਖੜ ਦਾ ਫੁੱਲਾਂ ਦੇ ਗੁਲਦਸਤੇ ਅਤੇ ਸ਼ਾਲ ਨਾਲ ਸਵਾਗਤ ਕੀਤਾ। ਉਨ੍ਹਾਂ ਨਾਲ ਸਟੇਜ 'ਤੇ ਭਾਜਪਾ ਅੰਮ੍ਰਿਤਸਰ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਸਾਬਕਾ ਸਾਂਸਦ ਅਤੇ ਸਾਬਕਾ ਸੂਬਾ ਪ੍ਰਧਾਨ ਸ਼ਵੇਤ ਮਲਿਕ, ਅੰਮ੍ਰਿਤਸਰ



ਦਿਹਾਤੀ-1 ਜ਼ਿਲ੍ਹਾ ਪ੍ਰਧਾਨ ਅਮਰਪਾਲ ਸਿੰਘ ਬੋਨੀ ਅਜਨਾਲਾ, ਅੰਮ੍ਰਿਤਸਰ ਦਿਹਾਤੀ-2 ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿੱਲ, ਰਾਕੇਸ਼ ਗਿੱਲ, ਹਰਜਿੰਦਰ ਸਿੰਘ ਠੇਕੇਦਾਰ, ਸੁਖਮਿੰਦਰ ਸਿੰਘ ਪਿੰਟੂ, ਡਾ. ਰਾਮ ਚਾਵਲਾ, ਕੁਮਾਰ ਅਮਿਤ, ਰਾਜਬੀਰ ਸ਼ਰਮਾ, ਜ਼ਿਲ੍ਹਾ ਜਨਰਲ ਸਕੱਤਰ ਸਲਿਲ ਕਪੂਰ ਅਤੇ ਮਨੀਸ਼ ਸ਼ਰਮਾ, ਸੁਸ਼ੀਲ ਦੇਵਗਨ ਅਤੇ ਹੋਰ ਆਗੂ ਮੌਜੂਦ ਸਨ। ਪ੍ਰੈਸ ਕਾਨਫਰੰਸ ਤੋਂ ਪਹਿਲਾਂ, ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਅੰਮ੍ਰਿਤਸਰ ਸ਼ਹਿਰੀ, ਅੰਮ੍ਰਿਤਸਰ ਦਿਹਾਤੀ-1 ਅਤੇ ਅੰਮ੍ਰਿਤਸਰ ਦਿਹਾਤੀ-2 ਦੇ ਸਾਰੇ ਮੰਡਲ ਪ੍ਰਧਾਨਾਂ ਨਾਲ ਇੱਕ ਰਸਮੀ ਮੀਟਿੰਗ ਵੀ ਕੀਤੀ, ਜਿਸ ਵਿੱਚ ਉਨ੍ਹਾਂ ਨੇ ਪਾਰਟੀ ਦੀਆਂ ਆਉਣ ਵਾਲੀ ਪ੍ਰੋਗਰਾਮਾਂ ਅਤੇ ਰਣਨੀਤੀ ਬਾਰੇ ਜਾਣਕਾਰੀ ਦਿੱਤੀ।

ਸੁਨੀਲ ਜਾਖੜ ਨੇ ਕਿਹਾ ਕਿ ਭਾਜਪਾ ਆਪਣੇ ਲੋਕਾਂ ਅਤੇ ਖਾਸ ਕਰਕੇ ਕਿਸਾਨਾਂ ਪ੍ਰਤੀ ਆਪਣੀ ਜਿੰਮੇਵਾਰੀ ਅਤੇ ਜਵਾਬਦੇਹੀ ਸਮਝਦੀ ਹੈ ਅਤੇ ਇਸੇ ਲਈ ਉਹ ਲੋਕਾਂ ਨੂੰ ਇਸ ਵਪਾਰ ਸਮਝੌਤੇ ਦੇ ਵੱਖ ਵੱਖ ਪੱਖਾਂ ਤੋਂ ਜਾਣੂ ਕਰਵਾ ਰਹੇ ਹਨ। ਉਨ੍ਹਾਂ ਨੇ ਵਿਰੋਧੀ ਧਿਰਾਂ ਨੂੰ ਇਸ ਸਮਝੌਤੇ ਪ੍ਰਤੀ ਗੁੰਮਰਾਹਕੁਲ ਪ੍ਰਚਾਰ ਕਰਨ ਤੋਂ ਵਰਜਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਮੁਸਕਿਲ ਕੌਮਾਂਤਰੀ ਸੁਰਤੇਹਾਲ ਵਿਚ ਦੇਸ਼ ਹਿੱਤ ਵਿਚ ਸਮਝੌਤਾ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ ਜਿਸ ਲਈ ਉਹ ਵਧਾਈ ਦੇ ਪਾਤਰ ਹਨ।

ਭਾਜਪਾ ਸੂਬਾ ਪ੍ਰਧਾਨ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਮੇਕ ਅਮਰੀਕਾ ਗ੍ਰੇਟ ਅਗੇਨ, ਐਮਏਜੀਏ (ਮਾਗਾ) (ਅਮਰੀਕਾ ਨੂੰ ਮੁੜ ਮਹਾਨ ਬਣਾਓ) ਦੇ ਸਿਧਾਂਤ ਤੇ ਕੰਮ ਕਰ ਰਹੇ ਹਨ ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੇਕ ਇੰਡੀਆ ਗ੍ਰੇਟ ਐਮਆਈਜੀ (ਮਿਗ) (ਭਾਰਤ ਨੂੰ ਮਹਾਨ ਬਣਾਓ) ਦੀ ਨੀਤੀ ਤੇ ਚਲਦਿਆਂ ਇਹ ਸਮਝੌਤਾ ਇਸ ਤਰੀਕੇ ਨਾਲ ਕੀਤਾ ਹੈ ਕਿ ਇਸਤੋਂ ਸਾਡਾ ਖੇਤੀ ਸੈਕਟਰ ਪੂਰੀ ਤਰਾਂ ਸੁਰੱਖਿਅਤ ਰਹੇ ਪਰ ਅਸੀਂ ਅਮਰੀਕਾ ਨੂੰ ਆਪਣੇ ਉਦਯੋਗਿਕ ਉਦਪਾਤ ਵੇਚ ਸਕੀਏ ਅਤੇ ਉਸਤੋਂ ਆਪਣੇ ਜਰੂਰਤ ਦੀ ਨਵੀਂ ਟੈਕਨੋਲੋਜੀ ਖਰੀਦ ਸਕੀਏ। ਉਨ੍ਹਾਂ ਨੇ ਕਿਹਾ ਪ੍ਰਧਾਨ ਮੰਤਰੀ ਨੇ ਅਸਲ ਵਿਚ ਕੌਮਾਂਤਰੀ ਮੰਚ ਤੇ ਚੱਲ ਰਹੀਆਂ ਮੁਸਕਿਲ ਪ੍ਰਸਥਿਤੀਆਂ ਨੂੰ ਦੇਸ਼ ਲਈ ਇਕ ਮੌਕੇ ਵਿਚ ਤਬਦੀਲ ਕੀਤਾ ਹੈ ਅਤੇ ਇਸ ਸਮਝੌਤੇ ਤੋਂ ਬਾਅਦ ਹੁਣ ਅਮਰੀਕਾ ਵਿਚ ਸਾਡੇ ਸਮਾਨ ਤੇ ਸਾਡੇ ਮੁਕਾਬਲੇ ਦੇ ਹੋਰ ਮੁਕਾਬਲੇ ਦੇ ਮੁਲਕਾਂ ਦੇ ਸੰਦਰਭ ਵਿਚ ਸਭ ਤੋਂ ਘੱਟ ਟੈਰਿਫ ਹੈ। ਭਾਵ ਅਸੀਂ ਦੂਜੇ ਮੁਲਕਾਂ ਨੂੰ ਟੱਕਰ ਦੇ ਕੇ ਅਮਰੀਕਾ ਦੇ ਬਜਾਰਾਂ ਤੱਕ ਆਪਣੀ ਜਿਆਦਾ ਪਹੁੰਚ ਬਣਾ ਸਕਾਂਗੇ। ਇਸ ਨਾਲ ਸਾਡੀ ਇੰਡਸਟਰੀ ਅਤੇ ਟਰੇਡ ਨੂੰ ਵੱਡਾ ਹੁੰਗਾਰਾ ਮਿਲੇਗਾ।

ਸੁਨੀਲ ਜਾਖੜ ਨੇ ਕਿਹਾ ਇਕ ਪਾਸੇ ਇਹ ਸਮਝੌਤਾ ਸਾਡੇ ਉਦਯੋਗਾਂ ਅਤੇ ਵਣਜ ਲਈ ਤਰੱਕੀ ਦੇ ਰਾਹ ਖੋਲ੍ਹੇਗਾ ਅਤੇ ਦੇਸ਼ ਵਿਚ ਰੋਜਗਾਰ ਦੇ ਨਵੇਂ ਮੌਕੇ ਪੈਦਾ ਕਰੇਗਾ ਉਥੇ ਹੀ ਸਰਕਾਰ ਨੇ ਇਸ ਸਮਝੌਤੇ ਨੂੰ ਇਸ ਤਰਾਂ ਕੀਤਾ ਹੈ ਕਿ ਸਾਡੇ ਕਿਸਾਨਾਂ ਦੇ ਦੁਆਲੇ ਇਕ ਸੁਰੱਖਿਅਤ ਲਕਸ਼ਮਣ ਰੇਖਾ ਬਣਾਈ ਹੈ ਅਤੇ ਉਨ੍ਹਾਂ ਦੇ ਹਿੱਤ ਸੁਰੱਖਿਅਤ ਕੀਤੇ ਹਨ। ਉਨ੍ਹਾਂ ਨੇ ਕਿਹਾ ਕਿ ਉਹ ਇਕ ਲੀਡਰ ਤੋਂ ਪਹਿਲਾਂ ਬਾਕੀ ਸਫ਼ਾ 7 'ਤੇ

## ਦਿੱਲੀ ਸਰਕਾਰ ਵੱਲੋਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ ਨੂੰ ਰੱਦ ਕਰਨ 'ਤੇ ਐਡਵੋਕੇਟ ਧਾਮੀ ਨੇ ਕੀਤਾ ਇਤਰਾਜ਼

ਅੰਮ੍ਰਿਤਸਰ, 10 ਫ਼ਰਵਰੀ ਚਰਨਜੀਤ ਸਿੰਘ -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਿੱਲੀ ਸਰਕਾਰ ਵੱਲੋਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ ਨੂੰ ਮੁੜ ਰੱਦ ਕਰਨ ਦੇ ਫੈਸਲੇ ਦੀ ਕਰੜੀ ਨਿੰਦਾ ਕਰਦਿਆਂ ਇਸ ਨੂੰ ਸਿੱਖਾਂ ਨਾਲ ਬੇਇਨਸਾਫ਼ੀ ਕਰਾਰ ਦਿੱਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਹਿਲਾਂ ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਕਈ ਵਾਰ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ ਸਜ਼ਾ ਸਮੀਖਿਆ ਬੋਰਡ ਵੱਲੋਂ ਰੱਦ ਕੀਤੀ ਗਈ ਸੀ ਅਤੇ ਹੁਣ ਭਾਜਪਾ ਦੀ ਸਰਕਾਰ ਵੀ ਉਸੇ ਰਸਤੇ 'ਤੇ ਚੱਲਦਿਆਂ ਸਿੱਖ ਭਾਵਨਾਵਾਂ ਦੇ ਵਿਰੁੱਧ ਫੈਸਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਜ਼ਾ ਸਮੀਖਿਆ ਬੋਰਡ ਵੱਲੋਂ ਕਈ ਕੈਦੀਆਂ ਦੀ ਸਜ਼ਾ ਮੁਆਫ਼ ਕਰਨ ਦੀ ਸਿਫ਼ਾਰਸ਼ ਕੀਤੀ ਗਈ ਹੈ, ਜਦਕਿ 33 ਸਾਲ ਤੋਂ ਸਜ਼ਾ ਭੁਗਤ ਰਹੇ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੇ ਮਾਮਲੇ ਨੂੰ ਰੱਦ ਕਰ ਦਿੱਤਾ ਗਿਆ ਹੈ। ਇਹ ਮਾਨਵੀ ਅਧਿਕਾਰਾਂ ਦਾ ਉਲੰਘਣ ਹੈ, ਜਿਸ ਨਾਲ ਸਿੱਖ ਜਗਤ ਅੰਦਰ ਨਿਰਾਸ਼ਾ ਪੈਦਾ ਹੋ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਜਪਾ ਇਕ ਪਾਸੇ ਸਿੱਖ ਹਤੈਸ਼ੀ ਹੋਣ ਦਾ ਦਾਅਵਾ ਕਰਦੀ ਹੈ, ਪਰ ਸਿੱਖਾਂ ਨਾਲ ਸਬੰਧਤ ਮਾਮਲਿਆਂ ਵਿਚ ਸਰਕਾਰ ਦੀ ਪਹੁੰਚ ਉਸ ਦੇ ਦੋਹਰੇ ਚਿਹਰੇ ਨੂੰ ਬਿਆਨ ਕਰਦੀ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਦੇਸ਼ ਲਈ ਹਮੇਸ਼ਾ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ, ਪ੍ਰੰਤੂ ਸਿੱਖਾਂ ਪ੍ਰਤੀ ਸਰਕਾਰਾਂ ਦੀ ਨਕਾਰਾਤਮਕ ਪਹੁੰਚ ਨੇ ਹਮੇਸ਼ਾ ਨਿਰਾਸ਼ਾ ਦਿੱਤੀ ਹੈ। ਸ਼ ?ਮਣੀ ਕਮੇਟੀ ਪ੍ਰਧਾਨ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਆਪਣੀ ਸਜ਼ਾ ਤੋਂ ਵਧੇਰੇ ਸਮਾਂ ਜੇਲ੍ਹ ਵਿਚ ਬਿਤਾ ਚੁੱਕੇ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੇ ਫੈਸਲੇ ਵਿਚ ਇਨਸਾਫ਼ ਕੀਤਾ ਜਾਵੇ ਅਤੇ ਉਨ੍ਹਾਂ ਦੀ ਤੁਰੰਤ ਰਿਹਾਈ ਕਰਨ ਦੇ ਆਦੇਸ਼ ਦਿੱਤੇ ਜਾਣ।



## ਸਿਲਵਰ ਓਕਸ ਸਕੂਲ ਦੇ ਵਿਦਿਆਰਥੀਆਂ ਨੇ ਇੰਟਰ-ਹਾਊਸ ਫਿਊਚਰ ਸਿਟੀ ਮੁਕਾਬਲਿਆਂ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ

**ਟ੍ਰੈਫਿਕ ਪ੍ਰਬੰਧਨ, ਕਚਰਾ ਘਟਾਉਣ ਅਤੇ ਨਵੀਕਰਣਯੋਗ ਊਰਜਾ ਵਰਗੇ ਥੀਮ ਨੂੰ ਛੋਹਿਆ-ਡਾਇਰੈਕਟਰ ਬਰਨਿੰਦਰ ਪਾਲ ਸੇਖੋਂ**




ਬਠਿੰਡਾ (ਦਿਹਾਤੀ), 10 ਫਰਵਰੀ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ)- ਦੁਨੀਆ ਭਰ ਦੇ ਸ਼ਹਿਰ ਤੇਜ਼ੀ ਨਾਲ ਹੋ ਰਹੇ ਸ਼ਹਿਰੀਕਰਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ, ਇਸ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਦੇ ਵਿਦਿਆਰਥੀਆਂ ਨੇ ਸਕੂਲ ਦੇ ਇੰਟਰ-ਹਾਊਸ ਫਿਊਚਰ ਸਿਟੀ ਮੁਕਾਬਲੇ ਦੌਰਾਨ ਆਪਣੀ ਰਚਨਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕਲਾਸ ਪੰਜਵੀਂ ਤੋਂ ਅੱਠਵੀਂ ਤੱਕ ਦੇ ਵਿਦਿਆਰਥੀਆਂ ਨੇ ਸਥਿਰ ਸ਼ਹਿਰੀ ਵਿਕਾਸ ਅਤੇ ਭਵਿੱਖ ਦੇ ਸ਼ਹਿਰਾਂ ਦੀ ਯੋਜਨਾ 'ਤੇ ਆਧਾਰਿਤ ਸੋਚ-ਵਿਚਾਰ ਨਾਲ ਤਿਆਰ ਕੀਤੇ ਮਾਡਲ ਪੇਸ਼ ਕੀਤੇ। ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਪ੍ਰਚੰਡ ਕਰਕੇ ਹੋਈ। ਇਸ ਮੌਕੇ ਸਕੂਲ ਦੀ ਡਾਇਰੈਕਟਰ ਬਰਨਿੰਦਰ ਪਾਲ ਸੇਖੋਂ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਅਤੇ ਆਪਣੇ ਪ੍ਰੇਰਨਾਦਾਇਕ ਸ਼ਬਦਾਂ ਨਾਲ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ। ਚਾਰ ਹਾਊਸ ਨੇ ਪ੍ਰਦੂਸ਼ਣ, ਟ੍ਰੈਫਿਕ ਪ੍ਰਬੰਧਨ, ਕਚਰਾ ਘਟਾਉਣ ਅਤੇ ਨਵੀਕਰਣਯੋਗ ਊਰਜਾ ਵਰਗੀਆਂ ਅਸਲ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਨਵੀਂ ਸੋਚ ਵਾਲੇ ਥੀਮ ਪੇਸ਼ ਕੀਤੇ। ਇਨ੍ਹਾਂ ਵਿੱਚ ਟੈਰਾ-ਗ੍ਰੀਨ (ਦ ਫਾਰੈਸਟ ਸਿਟੀ), ਦ ਸਰਕੁਲਰ ਸਿਟੀ (ਜ਼ੀਰੋ ਵੇਸਟ), ਆਕਾਸ਼-ਪੁਰੀ (ਦ ਸਕਾਈ ਸਿਟੀ), ਅਤੇ ਦ ਕਾਇਨੈਟਿਕ ਸਿਟੀ (ਪਾਵਰ ਥਰੂ ਮੂਵਮੈਂਟ) ਸ਼ਾਮਲ ਸਨ। ਇਸ ਦੀ ਪ੍ਰਸ਼ੰਸਾ ਕਰਦਿਆ ਡਾਇਰੈਕਟਰ ਬਰਨਿੰਦਰ ਪਾਲ ਸੇਖੋਂ ਨੇ ਕਿਹਾ ਕਿ ਅਜਿਹੀਆਂ ਪ੍ਰਤੀਯੋਗਿਤਾਵਾਂ ਆਲੋਚਨਾਤਮਕ ਸੋਚ ਅਤੇ ਵਾਤਾਵਰਨਕ ਜਾਗਰੂਕਤਾ ਨੂੰ ਵਿਕਸਿਤ ਕਰਦੀਆਂ ਹਨ।ਪ੍ਰਿੰਸੀਪਲ ਛਾਇਆ ਵਿਨੋਚਾ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਡੇ ਵਿਦਿਆਰਥੀਆਂ ਨੇ ਕਿਤਾਬਾਂ ਤੋਂ ਅੱਗੇ ਵੱਧ ਕੇ ਸਥਿਰ ਭਵਿੱਖ ਲਈ ਅਰਥਪੂਰਨ ਹੱਲ ਪੇਸ਼ ਕੀਤੇ ਹਨ। ਪ੍ਰੋਗਰਾਮ ਦਾ ਸਮਾਪਨ ਇਨਾਮ ਵੰਡ ਸਮਾਰੋਹ ਨਾਲ ਹੋਇਆ।

## ਸ੍ਰੀ ਨੀਲਕੰਠੇਸ਼ਵਰ ਰਾਮ ਮੰਦਰ ਸੀਤਾਸਰ (ਰਜਿ.) ਸੁਨਾਮ ਵਲੋਂ ਮਹਾਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ

**ਮਹਾਸ਼ਿਵਪੁਰਾਨ ਜੀ ਦੀ ਕਥਾ ਰੋਜਾਨਾ ਸਾਮ 7 ਵਜੇ ਸ਼ੁਰੂ ਹੋ ਚੁੱਕੀ ਹੈ**



ਸੁਨਾਮ ਉਧਮ ਸਿੰਘ ਵਾਲਾ (ਰਾਜਿੰਦਰ ਕੁਮਾਰ ਸਾਹ) ਸ੍ਰੀ ਨੀਲਕੰਠੇਸ਼ਵਰ ਰਾਮ ਮੰਦਰ ਸੀਤਾਸਰ (ਰਜਿ) ਸੁਨਾਮ ਰਾਮ ਦਲ, ਮਹਿਲਾ ਸੰਕੀਰਤਨ ਮੰਡਲ, ਹਨੂੰਮਾਨ ਦਲ ਅਤੇ ਕਾਵੜ ਸੰਘ, ਸੀਤਾਸਰ ਸੁਨਾਮ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਹਾਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ ਇਸ ਬਾਰੇ ਜਿਆਦਾ ਜਾਣਕਾਰੀ ਦਿੰਦੇ ਹੋਏ ਵਿਕਰਮ ਵਿੱਕੀ ਅਤੇ ਮੰਦਿਰ ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕੀ ਮਹਾਸ਼ਿਵਪੁਰਾਨ ਜੀ ਦੀ ਕਥਾ ਰੋਜਾਨਾ ਸਾਮ 7 ਵਜੇ ਸ਼ੁਰੂ ਹੋ ਚੁੱਕੀ ਹੈ ਕਥਾ ਆਚਰੀਆ ਸ੍ਰੀ ਅਸ਼ਵਨੀ ਭਾਸਕਰ ਸ਼ਾਸਤਰੀ ਕਾਲੀ ਮਾਤਾ ਮੰਦਰ ਪਟਿਆਲਾ ਵਾਲੇ ਕਥਾ ਕਰ ਰਹੇ ਹਨ ਅਤੇ ਮਹਾਸ਼ਿਵਰਾਤਰੀ ਦੇ ਉਪਲਕਸ਼ ਵਿੱਚ ਸ਼ੋਭਾ ਯਾਤਰਾ ਸ਼ੁੱਕਰਵਾਰ 13 ਫਰਵਰੀ ਸਵੇਰੇ 11:00 ਵਜੇ ਰਵਾਨਾ ਹੋਵੇਗੀ ਉਨਾਂ ਦੱਸਿਆ ਕਿ ਮਹਾ ਸ਼ਿਵਰਾਤਰੀ ਵਾਲੇ ਦਿਨ 15 ਫਰਵਰੀ ਦਿਨ ਐਤਵਾਰ ਨੂੰ ਸਵੇਰੇ 9:00 ਵਜੇ ਜਲ ਯਾਤਰਾ (1008) ਕੰਨਿਆਵਾਂ ਵੱਲੋਂ ਕੱਢੀ ਜਾਵੇਗੀ ਅਤੇ 51ਵਾਂ ਮਹਾਸ਼ਿਵਰਾਤਰੀ ਮੇਲਾ ਸੀਤਾਸਰ ਧਾਮ ਸੁਨਾਮ ਵਿਖੇ ਲੱਗੇਗਾ ਉਨਾਂ ਦੱਸਿਆ ਕਿ ਭੋਲੇਨਾਥ ਦਾ ਵਿਸ਼ਾਲ ਭੰਡਾਰਾ ਦਿਨ ਸੋਮਵਾਰ ਨੂੰ 16 ਫਰਵਰੀ, 2026 ਦੁਪਹਿਰ 12:00 ਵਜੇ ਅਤੁੱਟ ਵਰਤਾਇਆ ਜਾਵੇਗਾ ਮੰਦਰ ਕਮੇਟੀ ਦੇ ਮੈਂਬਰਾਂ ਨੇ ਸਾਰੇ ਇਲਾਕਾ ਨਿਵਾਸੀਆਂ ਨੂੰ ਕਿਹਾ ਕਿ ਇਸ ਮੌਕੇ ਸਾਰੇ ਆਪਣੀ ਹਾਜ਼ਰੀ ਜ਼ਰੂਰ ਲਗਵਾਉਣ ਅਤੇ ਪ੍ਰੋਗਰਾਮਾਂ ਦਾ ਆਨੰਦ ਮਾਨਣ ਤੇ ਭਗਵਾਨ ਦਾ ਆਸ਼ੀਰਵਾਦ ਪ੍ਰਾਪਤ ਕਰਨ

## ਸਾਡਾ ਬਜ਼ੁਰਗ ਸਾਡਾ ਮਾਣ ਤਹਿਤ ਜ਼ਿਲ੍ਹਾ ਪੱਧਰੀ ਕੈਂਪ ਓਲਡ ਏਜ ਹੋਮ ਨੇੜੇ ਨਵੀਂ ਅਨਾਜ ਮੰਡੀ ਬਸੀ ਪਠਾਣਾ ਵਿਖੇ ਅੱਜ

**ਡਿਪਟੀ ਕਮਿਸ਼ਨਰ ਵੱਲੋਂ ਮੁਫਤ ਕੈਂਪ ਦਾ ਜ਼ਿਲ੍ਹੇ ਦੇ ਬਜ਼ੁਰਗ ਨਾਗਰਿਕਾਂ ਨੂੰ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ**



ਫ਼ਤਹਿਗੜ੍ਹ ਸਾਹਿਬ, 10 ਫਰਵਰੀ (ਅਭਿਸ਼ੇਕ ਮਲਹੋਤਰਾ) ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਬਜ਼ੁਰਗਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮੰਤਵ ਨਾਲ ਸਾਡੇ ਬਜ਼ੁਰਗ ਸਾਡਾ ਮਾਣ ਤਹਿਤ ਜ਼ਿਲ੍ਹਾ ਪੱਧਰੀ ਕੈਂਪ ਓਲਡ ਏਜ ਹੋਮ ਨੇੜੇ ਨਵੀਂ ਅਨਾਜ ਮੰਡੀ ਬਸੀ ਪਠਾਣਾ ਵਿਖੇ ਲਗਾਇਆ ਜਾ ਰਿਹਾ ਹੈ । ਇਹ ਜਾਣਕਾਰੀ ਡਿਪਟੀ ਕਮਿਸ਼ਨਰ ਡਾ: ਸੋਨਾ ਥਿੰਦ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਮੌਕੇ ਬਜ਼ੁਰਗਾਂ ਦੀ ਭਲਾਈ ਲਈ ਅੱਖਾਂ ਦਾ ਚੈਕਅੱਪ, ਜਨਰਲ ਸਿਹਤ ਜਾਂਚ, ਹੱਡੀਆਂ ਦੀ ਜਾਂਚ, ਨੱਕ, ਕੰਨ ਗਲਾ ਦਾ ਚੈੱਕਅਪ, ਯੋਗਾ ਸੈਸ਼ਨ, ਆਯੁਰਵੇਦਿਕ ਦਵਾਈਆਂ, ਹੋਮਿਓਪੈਥਿਕ ਦਵਾਈਆਂ, ਕਾਨੂੰਨੀ ਸੇਵਾਵਾਂ ਸਬੰਧੀ ਜਾਣਕਾਰੀ, ਬੈਂਕ ਸੇਵਾਵਾਂ ਸਬੰਧੀ ਜਾਣਕਾਰੀ, ਬੁਢਾਪਾ ਪੈਨਸ਼ਨ ਅਤੇ ਸੀਨੀਅਰ ਸਿਟੀਜ਼ਨ ਕਾਰਡ, ਸੈਲਫ ਹੈਲਪ ਗਰੁੱਪਾਂ ਦੇ ਸਹਿਯੋਗ ਨਾਲ ਘਰੇਲੂ ਵਰਤੋਂ ਵਿੱਚ ਆਉਣ ਵਾਲੀਆਂ ਵਸਤੂਆਂ ਦੀ ਸਿਖਲਾਈ ਅਤੇ ਅਲਿਮਕੋ ਦੇ ਸਹਿਯੋਗ ਨਾਲ ਰਾਸ਼ਟਰੀ ਵਾਇਓਸ਼੍ਰੀ ਯੋਜਨਾ ਤਹਿਤ ਸਹਾਇਕ ਉਪਕਰਨ ਵੰਡਣ ਲਈ ਅਸੈਸਮੈਂਟ ਕਰਕੇ ਰਜਿਸਟਰੇਸ਼ਨ ਕੀਤੀ ਜਾਵੇਗੀ। ਰਜਿਸਟਰੇਸ਼ਨ ਤੋਂ ਬਾਅਦ ਸਹਾਇਕ ਉਪਕਰਨ ਅਲਿਮਕੋ ਵੱਲੋਂ ਮੁਫਤ ਮੁਹੱਈਆ ਕਰਵਾਏ ਜਾਣਗੇ। ਡਿਪਟੀ ਕਮਿਸ਼ਨਰ ਡਾ: ਸੋਨਾ ਥਿੰਦ ਨੇ ਜ਼ਿਲ੍ਹੇ ਦੇ ਸਮੂਹ ਬਜ਼ੁਰਗਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਮਿਤੀ 11 ਫਰਵਰੀ, 2026 ਨੂੰ ਓਲਡ ਏਜ ਹੋਮ ਨੇੜੇ ਨਵੀਂ ਅਨਾਜ ਮੰਡੀ ਬਸੀ ਪਠਾਣਾ ਵਿਖੇ ਲਗਾਏ ਜਾ ਰਹੇ ਇਸ ਕੈਂਪ ਵਿੱਚ ਪਹੁੰਚ ਕੇ ਮਿਲਣ ਵਾਲੀਆਂ ਮੁਫਤ ਸੁਵਿਧਾਵਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ।

## ਅਪ੍ਰੇਸ਼ਨ ਪ੍ਰਹਾਰ 2 ਤਹਿਤ ਸਮਾਣਾ ਵਿਖੇ ਕਈ ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ,

**ਡੀਐਸਪੀ ਸਮਾਣਾ ਫਤਿਹ ਸਿੰਘ ਬਰਾੜ ਦੀ ਅਗਵਾਈ ਹੇਠ ਕੱਢਿਆ ਫਲੈਗ ਮਾਰਚ**




ਸਮਾਣਾ, 10 ਫਰਵਰੀ ( ਪ੍ਰਿੰਸ ਕੁਮਾਰ) ਡੀਜੀਪੀ ਪੰਜਾਬ ਪੁਲਿਸ ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੰਜਾਬ ਪੁਲਿਸ ਵੱਲੋਂ ਚਲਾਏ ਜਾ ਰਹੇ ਓਪਰੇਸ਼ਨ ਪ੍ਰਹਾਰ-2 ਤਹਿਤ ਸਮਾਣਾ ਪੁਲਿਸ ਵੱਲੋਂ ਵੱਖ-ਵੱਖ ਟੀਮਾਂ ਦਾ ਗਠਨ ਕਰਕੇ ਛਾਪੇਮਾਰੀ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ ਐਸ ਪੀ ਸਮਾਣਾ ਫਤਿਹ ਸਿੰਘ ਬਰਾੜ ਨੇ ਦੱਸਿਆ ਐਸਐਸਪੀ ਪਟਿਆਲਾ ਦੀ ਯੋਗ ਅਗਵਾਈ ਹੇਠ ਸਰਕਲ ਸਮਾਣਾ ਦੇ ਇਲਾਕੇ ਵਿੱਚ ਲੁੱਟਾਂ, ਖੋਹਾਂ ਕਰਨ ਵਾਲੇ ਮਾੜੇ ਅਨਸਰਾਂ, ਸੰਗੀਨ ਜੁਰਮਾਂ ਨਾਲ ਸਬੰਧਤ ਦੋਸ਼ੀਆਂ ਅਤੇ ਗੈਂਗਸਟਰਾਂ ਦੇ ਸਹਿਯੋਗੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਉਂਦੇ ਹੋਏ ਕੁੱਲ 06 ਵਿਅਕਤੀਆਂ ਨੂੰ ਵੱਖ-ਵੱਖ ਮੁਕੱਦਮਿਆਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ।ਇਸੇ ਲੜੀ ਤਹਿਤ ਸਰਕਲ ਸਮਾਣਾ ਦੀ ਪੁਲਿਸ ਵੱਲੋਂ ਵੱਖ-ਵੱਖ ਟੀਮਾਂ ਬਣਾਕੇ ਸ਼ਹਿਰ ਸਮਾਣਾ ਅੰਦਰ ਫਲੈਗ ਮਾਰਚ ਕੀਤਾ ਗਿਆ ਅਤੇ ਬੱਸ ਸਟੈਂਡ ਸਮਾਣਾ ਦੀ ਅਚਾਨਕ ਚੈਕਿੰਗ ਦੌਰਾਨ ਸ਼ੱਕੀ ਵਿਅਕਤੀਆਂ ਅਤੇ ਬੱਸ ਸਟੈਂਡ ਅੰਦਰ ਖੜ੍ਹੇ ਵਾਹਨਾਂ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਫਤਿਹ ਸਿੰਘ ਬਰਾੜ, ਡੀ.ਐਸ.ਪੀ. ਸਮਾਣਾ ਵੱਲੋਂ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਗਿਆ ਕਿ ਕਿਸੇ ਵੀ ਨਸ਼ਾ ਸਮੱਗਲਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਨਸ਼ਾ ਤਸਕਰਾਂ ਵੱਲੋਂ ਨਸ਼ਾ ਵੇਚ ਕੇ ਬਣਾਈ ਗਈ ਜਾਇਦਾਦ ਨੂੰ ਯੋਗ ਕਾਨੂੰਨੀ ਪ੍ਰਣਾਲੀ ਰਾਹੀਂ ਜ਼ਬਤ ਕਰਵਾਇਆ ਜਾਵੇਗਾ। ਮਾਨਯੋਗ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਪੰਜਾਬ ਪੁਲਿਸ ਵੱਲੋਂ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਜਾਰੀ ਕੀਤਾ ਗਿਆ ਹੈ। ਜੇਕਰ ਕੋਈ ਵਿਅਕਤੀ ਗੈਂਗਸਟਰਾਂ ਜਾਂ ਅਪਰਾਧਿਕ ਤੱਤਾਂ ਬਾਰੇ ਜਾਣਕਾਰੀ ਦੇਣਾ ਚਾਹੁੰਦਾ ਹੈ ਤਾਂ ਉਹ ਬਿਨ੍ਹਾਂ ਕਿਸੇ ਡਰ ਦੇ ਸੂਚਨਾ ਦੇ ਸਕਦਾ ਹੈ। ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।ਪਟਿਆਲਾ ਪੁਲਿਸ ਗੈਂਗਸਟਰਾਂ 'ਤੇ ਵਾਰ ਮੁਹਿੰਮ ਤਹਿਤ ਮਾੜੇ ਅਨਸਰਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਦੇ ਹੋਏ ਪੰਜਾਬ ਨੂੰ ਗੈਂਗਸਟਰ ਮੁਕਤ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਜਲਾਲਾਬਾਦ 'ਚ ਕੂੜੇ ਦੇ ਡੰਪ ਦੀ ਜਗ੍ਹਾ ਬਣੇਗੀ ਸਰਕਾਰੀ ਲਾਇਬ੍ਰੇਰੀ: ਵਿਧਾਇਕ ਗੋਲਡੀ ਕੰਬੋਜ ਨੇ ਰੱਖਿਆ ਨੀਂਹ ਪੱਥਰ; 25 ਲੱਖ ਹੋਣਗੇ ਖ਼ਰਚ

ਜਲਾਲਾਬਾਦ:10 ਫਰਵਰੀ (ਸੁਭਾਸ਼ ਸਿੰਘ)

ਜਲਾਲਾਬਾਦ ਦੇ ਬਾਹਮਣੀ ਬਾਜ਼ਾਰ ਦੇ ਨਜ਼ਦੀਕ ਨਗਰ ਕੌਂਸਲ ਦੀ ਜਗ੍ਹਾ @ਤੇ ਹੁਣ ਸਰਕਾਰੀ ਲਾਇਬ੍ਰੇਰੀ ਬਣਾਈ ਜਾਵੇਗੀ। ਦੱਸ ਦੇਈਏ ਕਿ ਇਸ ਜਗ੍ਹਾ @ਤੇ ਅਕਸਰ ਲੋਕ ਕੂੜਾ ਸੁੱਟ ਦਿੰਦੇ ਸਨ, ਜਿਸ ਕਾਰਨ ਇਲਾਕੇ ਦੇ ਲੋਕ ਬਹੁਤ ਪ੍ਰੇਸ਼ਾਨ ਸਨ। ਬਦਬੂ ਅਤੇ ਕੂੜੇ ਦੇ ਢੇਰਾਂ ਕਾਰਨ ਫੈਲੇ ਮੱਛਰਾਂ ਨੇ ਲੋਕਾਂ ਦਾ ਜੀਣਾ ਮੁਹਾਲ ਕੀਤਾ ਹੋਇਆ ਸੀ, ਪਰ ਵਿਧਾਇਕ ਦੇ ਧਿਆਨ ਵਿੱਚ ਮਾਮਲਾ ਆਉਣ ਤੋਂ ਬਾਅਦ ਹੁਣ ਇਸ ਜਗ੍ਹਾ ਤੋਂ ਕੂੜੇ ਦੇ ਢੇਰ ਹਟਵਾ ਦਿੱਤੇ ਗਏ ਹਨ। ਜਿਸ ਜਗ੍ਹਾ @ਤੇ ਹੁਣ ਸਰਕਾਰੀ ਲਾਇਬ੍ਰੇਰੀ ਦਾ ਨਿਰਮਾਣ ਹੋਵੇਗਾ। ਵਿਧਾਇਕ ਗੋਲਡੀ ਕੰਬੋਜ ਨੇ ਇਸ ਦਾ ਨੀਂਹ ਪੱਥਰ ਰੱਖ ਦਿੱਤਾ ਹੈ ਅਤੇ ਕਰੀਬ 25 ਲੱਖ ਰੁਪਏ ਖ਼ਰਚ ਕਰਨ ਦਾ ਦਾਅਵਾ ਕੀਤਾ ਹੈ।

**ਬੀਮਾਰੀ ਫੈਲਣ ਦਾ ਬਣਿਆ ਹੋਇਆ ਸੀ ਡਰ**



ਹਲਕਾ ਵਿਧਾਇਕ ਗੋਲਡੀ ਕੰਬੋਜ ਨੇ ਦੱਸਿਆ ਕਿ ਜਲਾਲਾਬਾਦ ਦੇ ਬਾਹਮਣੀ ਬਾਜ਼ਾਰ ਦੇ ਕੋਲ ਪੈਂਦੀ ਗਊਸ਼ਾਲਾ ਦੇ ਨਜ਼ਦੀਕ ਨਗਰ ਕੌਂਸਲ ਦੀ ਜਗ੍ਹਾ ਜਿੱਥੇ ਲਗਾਤਾਰ ਕੂੜਾ ਸੁੱਟਿਆ ਜਾ ਰਿਹਾ ਸੀ, ਉੱਥੇ ਹਾਲਾਤ ਇਹ ਹੋ ਗਏ ਕਿ ਕੂੜੇ ਦੇ ਢੇਰ ਲੱਗ ਗਏ ਅਤੇ ਪਿਛਲੇ ਕਈ ਸਾਲਾਂ ਤੋਂ ਇਹ ਸਥਾਨ ਕੂੜੇ ਦੇ ਡੰਪ ਦਾ ਰੂਪ ਲੈ ਚੁੱਕਾ ਸੀ। ਸਥਾਨਕ ਲੋਕ ਇਸ ਤੋਂ ਬਹੁਤ ਪ੍ਰੇਸ਼ਾਨ ਸਨ, ਕਿਉਂਕਿ ਇਸ ਜਗ੍ਹਾ @ਤੇ ਕੂੜਾ ਸੁੱਟਣ ਨਾਲ ਨਾ ਸਿਰਫ਼ ਮੱਛਰ ਫੈਲ ਰਹੇ ਸਨ, ਸਗੋਂ ਬੀਮਾਰੀਆਂ ਫੈਲਣ ਦਾ ਡਰ ਵੀ ਬਣਿਆ ਹੋਇਆ ਸੀ।

**ਬੱਚਿਆਂ ਨੂੰ ਮਿਲਣਗੀਆਂ ਬਿਹਤਰ ਸਹੂਲਤਾਂ**

ਇਲਾਕੇ ਦੇ ਲੋਕਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਜਿਸ @ਤੇ ਹੁਣ ਗੰਭੀਰਤਾ ਦਿਖਾਉਂਦੇ ਹੋਏ ਨਗਰ ਕੌਂਸਲ ਵਿੱਚ ਮਤਾ ਪਾਸ ਕਰਕੇ ਇਸ ਜਗ੍ਹਾ @ਤੇ ਬੱਚਿਆਂ ਲਈ ਸਰਕਾਰੀ ਲਾਇਬ੍ਰੇਰੀ ਬਣਾਉਣ ਦਾ ਫੈਸਲਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ 25 ਲੱਖ ਰੁਪਏ ਦੀ ਲਾਗਤ ਨਾਲ ਇਹ ਸਰਕਾਰੀ ਲਾਇਬ੍ਰੇਰੀ ਬਣ ਕੇ ਤਿਆਰ ਹੋਵੇਗੀ, ਜਿਸ ਦਾ ਨੀਂਹ ਪੱਥਰ ਰੱਖ ਦਿੱਤਾ ਗਿਆ ਹੈ ਅਤੇ ਇਲਾਕੇ ਦੇ ਬੱਚਿਆਂ ਨੂੰ ਇੱਥੇ ਬਿਹਤਰ ਸਹੂਲਤਾਂ ਦਿੱਤੀਆਂ ਜਾਣਗੀਆਂ।

**ਕੂੜੇ ਦਾ ਢੇਰ ਹਟਾਉਣਾ ਕੀਤਾ ਸ਼ੁਰੂ**

ਦੂਜੇ ਪਾਸੇ ਨਗਰ ਕੌਂਸਲ ਪ੍ਰਧਾਨ ਵਿਕਾਸਦੀਪ ਚੌਧਰੀ ਦਾ ਕਹਿਣਾ ਹੈ ਕਿ ਪਹਿਲਾਂ ਇਲਾਕੇ ਦੇ ਬੱਚੇ ਪ੍ਰਾਈਵੇਟ ਪੱਧਰ @ਤੇ ਫੀਸ ਅਦਾ ਕਰਕੇ ਲਾਇਬ੍ਰੇਰੀ ਵਿੱਚ ਜਾਂਦੇ ਸਨ, ਪਰ ਹੁਣ ਅਜਿਹਾ ਨਹੀਂ ਹੋਵੇਗਾ। ਹੁਣ ਸਰਕਾਰੀ ਪੱਧਰ @ਤੇ ਉਨ੍ਹਾਂ ਨੂੰ ਇਹ ਸਹੂਲਤ ਬਿਲਕੁਲ ਮੁਫ਼ਤ ਮਿਲੇਗੀ। ਉਨ੍ਹਾਂ ਦੱਸਿਆ ਕਿ ਕਰੀਬ ਅੱਠ ਮਰਲੇ ਜਗ੍ਹਾ ਨਗਰ ਕੌਂਸਲ ਦੀ ਹੈ, ਜਿੱਥੇ ਕੂੜੇ ਦਾ ਡੰਪ ਬਣ ਚੁੱਕਾ ਸੀ, ਜਿਸ ਨੂੰ ਹਟਾ ਦਿੱਤਾ ਗਿਆ ਹੈ ਅਤੇ ਹੁਣ ਉੱਥੇ ਲਾਇਬ੍ਰੇਰੀ ਬਣਾਈ ਜਾਵੇਗੀ।

* ਜਲਾਲਾਬਾਦ ਵਿੱਚ ਜਗ੍ਹਾ ਦਾ ਨਿਰੀਖਣ ਕਰਦੇ ਹੋਏ ਹਲਕਾ ਵਿਧਾਇਕ ਅਤੇ ਅਧਿਕਾਰੀ।

* ਜਗ੍ਹਾ ਦਾ ਜਾਇਜ਼ਾ ਲੈਣ ਤੋਂ ਬਾਅਦ ਪਰਤਦੇ ਅਧਿਕਾਰੀ ਅਤੇ ਵਿਧਾਇਕ।

## 16 ਫਰਵਰੀ ਨੂੰ ਹਰਪਾਲ ਟਿਵਾਣਾ ਕਲਾ ਕੇਂਦਰ ਵਿਖੇ ਇਤਿਹਾਸ ਤੋਂ ਭਵਿੱਖ ਤੱਕ ਦੇ ਸੰਵਾਦ ਨਾਲ ਜੋੜੇਗਾ ਨਾਟਕ 1675-ਵਰਜੀਤ ਵਾਲੀਆ

**ਨੋਡਲ ਅਫ਼ਸਰ ਨਮਨ ਮਾਰਕੰਨ ਵੱਲੋਂ ਨਾਟਕ ਦੇ ਮੰਚਨ ਲਈ ਤਿਆਰੀਆਂ ਦਾ ਜਾਇਜ਼ਾ**

ਪਟਿਆਲਾ, 10 ਫਰਵਰੀ:(ਦੇਸ਼ ਪ੍ਰਦੇਸ਼ ਬਿਊਰੋ) ਪਟਿਆਲਾ ਹੈਰੀਟੇਜ ਫੈਸਟੀਵਲ-2026 ਦੀ ਪੰਜਵੀਂ ਸ਼ਾਮ 16 ਫਰਵਰੀ ਨੂੰ ਸ਼ਾਮ 6 ਵਜੇ ਹਰਪਾਲ ਟਿਵਾਣਾ ਕਲਾ ਕੇਂਦਰ ਵਿਖੇ ਸ਼ਿਰੋਮਣੀ ਰੰਗਕਰਮੀ ਕੇਵਲ ਧਾਲੀਵਾਲ ਦੀ ਨਿਰਦੇਸ਼ਨਾ ਹੇਠ ਡਾ. ਅਮਰਜੀਤ ਗਰੇਵਾਲ ਵੱਲੋਂ ਲਿਖੇ ਪੰਜਾਬੀ ਨਾਟਕ 1675 ਦੀ ਪੇਸ਼ਕਾਰੀ ਕੀਤੀ ਜਾਵੇਗੀ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਕੀਤਾ। ਡਿਪਟੀ ਕਮਿਸ਼ਨਰ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇਹ ਨਾਟਕ ਦੇਖਣ ਲਈ ਜ਼ਿਲ੍ਹਾ ਨਿਵਾਸੀਆਂ ਨੂੰ ਖੁੱਲ੍ਹਾ ਸੱਦਾ ਦਿੰਦਿਆਂ ਕਿਹਾ ਕਿ ਇਸ ਨਾਟਕ ਦੀ ਐਂਟਰੀ ਫ਼ਰੀ ਹੈ, ਇਸ ਲਈ ਚਾਹਵਾਨ ਦਰਸ਼ਕ 16 ਫਰਵਰੀ ਨੂੰ ਸ਼ਾਮ 5.30 ਵਜੇ ਤੱਕ ਪਹਿਲਾਂ ਆਉ-ਪਹਿਲਾਂ ਸੀਟ ਲਉ ਮੁਤਾਬਕ ਆਪਣੀਆਂ ਸੀਟਾਂ ਲੈ ਲੈਣ। ਵਰਜੀਤ ਵਾਲੀਆ ਨੇ ਕਿਹਾ ਕਿ ਇਹ ਨਾਟਕ ਇਤਿਹਾਸ ਤੋਂ ਭਵਿੱਖ ਤੱਕ ਦੇ ਸੰਵਾਦ ਨੂੰ ਬਾਖੂਬੀ ਪੇਸ਼ ਕਰਦਾ ਹੋਇਆ 1675 ਦੇ ਚਾਂਦਨੀ ਚੌਂਕ ਦੇ ਤਸੀਹਿਆਂ ਦੇ ਇਤਿਹਾਸ ਤੋਂ 2025 ਤੱਕ ਦੇ ਆਰਟੀਫਿਸ਼ੀਲ ਇੰਟੈਲੀਜੈਂਸ ਤੇ ਪ੍ਰਯੋਗਸ਼ਾਲਾ ਭਰੇ ਸੰਸਾਰ ਨੂੰ ਦਿਖਾਏਗਾ। ਇਸੇ ਦੌਰਾਨ ਇਸ ਨਾਟਕ ਦੇ ਨੋਡਲ ਅਫ਼ਸਰ ਤੇ ਐਸ.ਡੀ.ਐਮ ਨਮਨ ਮਾਰਕੰਨ ਨੇ ਇਸ ਨਾਟਕ ਦੇ ਮੰਚਨ ਲਈ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਹਰਪਾਲ ਟਿਵਾਣਾ ਕਲਾ ਕੇਂਦਰ ਵਿਖੇ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਕੀਤੀ। ਉਨ੍ਹਾਂ ਦੱਸਿਆ ਕਿ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਹੇਠ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਵਿਰਾਸਤੀ ਮੇਲੇ ਦੌਰਾਨ ਮੰਚ-ਰੰਗਮੰਚ, ਅੰਮ੍ਰਿਤਸਰ ਦੀ ਟੀਮ ਵੱਲੋਂ ਪੰਜਾਬੀ ਨਾਟਕ @1675@ ਦੀ ਪੇਸ਼ਕਾਰੀ ਕੀਤੀ ਜਾਵੇਗੀ। ਐਸ.ਡੀ.ਐਮ ਨੇ ਦੱਸਿਆ ਕਿ ਇਸ ਨਾਟਕ ਲਈ ਸਾਰੀਆਂ ਤਿਆਰੀਆਂ ਸਮੇਂ ਸਿਰ ਮੁਕੰਮਲ ਕਰ ਲਈਆਂ ਜਾਣਗੀਆਂ। ਨਮਨ ਮਾਰਕੰਨ ਨੇ ਪਟਿਆਲਵੀਆਂ ਨੂੰ ਸੱਦਾ ਦਿੱਤਾ ਕਿ ਉਹ 16 ਫਰਵਰੀ ਨੂੰ ਸ਼ਾਮ 5.30 ਵਜੇ ਤੱਕ ਆਪਣੀਆਂ ਸੀਟਾਂ @ਤੇ ਵਿਰਾਜਮਾਨ ਹੋ ਜਾਣ ਤਾਂਕਿ ਸਮੇਂ ਸਿਰ ਨਾਟਕ ਦਾ ਮੰਚਨ ਕੀਤਾ ਜਾ ਸਕੇ।




## ਖੇਤੀਬਾੜੀ ਵਿਭਾਗ ਵਲੋਂ ਪਿੰਡ ਛਾਪਾ ਵਿੱਚ ਤੇਲ ਬੀਜਾਂ ਬਾਰੇ ਕਿਸਾਨ ਜਾਗਰੂਕਤਾ ਕੈਂਪ

**ਕਿਸਾਨਾਂ ਨੂੰ ਤੇਲ ਬੀਜ ਫ਼ਸਲਾਂ ਵਿੱਚ ਕੀੜੇ-ਮਕੌੜੇ ਅਤੇ ਬਿਮਾਰੀਆਂ ਦੀ ਰੋਕਥਾਮ ਸਬੰਧੀ ਦਿੱਤੀ ਜਾਣਕਾਰੀ**

ਮਹਿਲ ਕਲਾਂ, 10 ਫਰਵਰੀ(ਭਲਵਿੰਦਰ ਕੌਰ ਟੱਲੇਵਾਲ) ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਮਹਿਲ ਕਲਾਂ ਵੱਲੋਂ ਡਾਕਟਰ ਅੰਮ੍ਰਿਤਪਾਲ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਕਟਰ ਹਰਮਨਦੀਪ ਸਿੰਘ ਬਲਾਕ ਖੇਤੀਬਾੜੀ ਅਫ਼ਸਰ ਮਹਿਲ ਕਲਾਂ ਦੀ ਅਗਵਾਈ ਵਿੱਚ ਪਿੰਡ ਛਾਪਾ ਵਿਖੇ ਐਨ ਐਮਈਓ- ਆਇਲਸੀਡਜ਼ (ਤੇਲ ਬੀਜ) ਸਕੀਮ ਤਹਿਤ ਤੇਲ ਬੀਜ ਫ਼ਸਲਾਂ ਤੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਮੌਕੇ ਇਸ ਮੌਕੇ ਸ੍ਰੀ ਸਨਵਿੰਦਰਪਾਲ ਸਿੰਘ ਬਰਾੜ ਬਲਾਕ ਤਕਨੀਕੀ ਮੈਨੇਜਰ ਮਹਿਲ ਕਲਾਂ ਨੇ ਕਿਸਾਨਾਂ ਨੂੰ ਤੇਲ ਬੀਜ ਫਸਲਾਂ ਵਿੱਚ ਕੀੜੇ-ਮਕੌੜੇ ਅਤੇ ਬਿਮਾਰੀਆਂ ਦੀ ਰੋਕਥਾਮ ਸਬੰਧੀ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਉਨ੍ਹਾਂ ਨੇ ਜ਼ਮੀਨ ਦੀ ਸਿਹਤ ਵਧਾਉਣ ਲਈ ਰੂੜੀ ਖਾਦ, ਹਰੀ ਖਾਦ ਅਤੇ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲਣ @ਤੇ ਜ਼ੋਰ ਦਿੱਤਾ। ਇਸ ਮੌਕੇ ਸ੍ਰੀ ਨਰਿੰਦਰ ਸਿੰਘ ਸੈਕਟਰੀ ਸਹਿਕਾਰੀ ਸਭਾ ਨੇ ਕਿਸਾਨਾਂ ਨੂੰ ਸਰੋਂ ਦੀ ਪ੍ਰੋਸੈਸਿੰਗ ਕਰਨ ਸਬੰਧੀ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਕਿਸਾਨਾਂ ਨੂੰ ਘਰ ਵਿੱਚ ਵਰਤੇ ਜਾਣ ਵਾਲੇ ਖਾਣ ਵਾਲੀਆਂ ਵਸਤੂਆਂ ਆਪਣੇ ਹੀ ਖੇਤਾਂ ਵਿੱਚ ਜੈਵਿਕ ਖੇਤੀ ਰਾਹੀਂ ਪੈਦਾ ਕਰਨ ਲਈ ਪ੍ਰੇਰਿਆ।ਇਸ ਮੌਕੇ ਸ੍ਰੀ ਹਰਪਾਲ ਸਿੰਘ ਖੇਤੀ ਉਪ ਨਿਰੀਖਕ ਮਹਿਲ ਕਲਾਂ ਵਲੋਂ ਪੰਜਾਬ ਸਰਕਾਰ ਦੀ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਤਹਿਤ ਨੌਜਵਾਨਾਂ ਨੂੰ ਨਸ਼ਿਆ ਦੀ ਦਲਦਲ ਵਿੱਚੋਂ ਕੱਢਣ ਅਤੇ ਮੁੱਖ ਧਾਰਾ ਨਾਲ ਜੋੜਨ ਲਈ ਖੇਤੀਬਾੜੀ-ਸਹਾਇਕ ਧੰਦੇ ਜਿਵੇਂ ਕਿ ਬੱਕਰੀ-ਪਾਲਣ, ਡੇਅਰੀ-ਪਾਲਣ, ਅਪਣਾਉਣ ਲਈ ਜਾਣਕਾਰੀ ਦਿੱਤੀ। ਇਸ ਮੌਕੇ ਸ੍ਰੀ ਕੁਲਵੀਰ ਸਿੰਘ ਏ .ਟੀ.ਐਮ.ਨੇ ਕਿਸਾਨਾਂ ਨੂੰ ਮਸ਼ੀਨਰੀ ਦਾ ਸੁਚੱਜਾ ਉਪਯੋਗ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਸਾਨਾਂ ਨੂੰ ਖੇਤੀਬਾੜੀ ਮਾਹਿਰਾਂ ਦੀਆਂ ਸਿਫਾਰਸ਼ਾਂ ਮੰਨਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨੇ ਬਲਾਕ ਵਿੱਚ ਉਪਲਬਧ ਮਸ਼ੀਨਰੀ ਬਾਰੇ ਜਾਣਕਾਰੀ ਦਿੱਤੀ ਤਾਂ ਜੋ ਲੋੜਵੰਦ ਕਿਸਾਨ ਇਹ ਮਸ਼ੀਨਰੀ ਦੀ ਵਰਤੋਂ ਕਰ ਸਕੇ। ਇਸ ਮੌਕੇ ਪਿੰਡ ਛਾਪਾ ਤੋਂ ਸਰਪੰਚ ਸ. ਗੁਰਦੀਪ ਸਿੰਘ ਨੇ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਆਏ ਹੋਏ ਮਹਿਮਾਨਾਂ ਅਤੇ ਕਿਸਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸ੍ਰੀ ਕੁਲਦੀਪ ਸਿੰਘ ਬੇਲਦਾਰ, ਜਸਵੀਰ ਸਿੰਘ ਅਤੇ ਕੰਵਲਜੀਤ ਸਿੰਘ ਆਰ ਜੀ ਆਰ ਸੈਲ ਤੋਂ ਇਲਾਵਾ ਕਿਸਾਨ ਭੁਪਿੰਦਰ ਸਿੰਘ, ਰਣਤੀਰ ਸਿੰਘ, ਅਮਰੀਕ ਸਿੰਘ, ਸ਼ਿੰਗਾਰਾ ਸਿੰਘ ਆਦਿ ਅਗਾਂਹਵਧੂ ਕਿਸਾਨ ਹਾਜ਼ਰ ਸਨ।




## ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਕੈਂਪ ਅੱਜ: ਡਿਪਟੀ ਕਮਿਸ਼ਨਰ

ਬਰਨਾਲਾ, 10 ਫਰਵਰੀ(ਅਵਤਾਰ ਸਿੰਘ ਫਰਵਾਹੀ) ਸਾਡੇ ਬਜ਼ੁਰਗ ਸਾਡਾ ਮਾਣ@ ਮੁਹਿੰਮ ਤਹਿਤ ਭਲਕੇ 11 ਫਰਵਰੀ ਨੂੰ ਜ਼ਿਲ੍ਹਾ ਪੱਧਰੀ ਕੈਂਪ ਲਾਇਆ ਜਾਵੇਗਾ ਜਿਸ

**☛ ਬਜ਼ੁਰਗਾਂ ਦੀ ਕੀਤੀ ਜਾਵੇਗੀ ਮੁਫ਼ਤ ਡਾਕਟਰੀ ਜਾਂਚ, ਪੈਨਸ਼ਨ, ਸੀਨੀਅਰ ਸਿਟੀਜਨ ਕਾਰਡ ਸਬੰਧੀ ਵੀ ਹੋਣਗੇ ਹੈਲਪ ਡੈਸਕ**

ਵਿੱਚ ਜਿੱਥੇ ਬਜ਼ੁਰਗਾਂ ਦੀ ਮੁਫ਼ਤ ਡਾਕਟਰੀ ਜਾਂਚ ਹੋਵੇਗੀ, ਓਥੇ ਵੱਖ ਵੱਖ ਸਕੀਮਾਂ ਲਈ ਵੀ ਮੌਕੇ @ਤੇ ਹੀ ਅਪਲਾਈ ਕਰਵਾਇਆ ਜਾਵੇਗਾ। ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ 11 ਫਰਵਰੀ ਨੂੰ ਸ਼ਹੀਦ ਭਗਤ ਸਿੰਘ ਪਾਰਕ ਬਰਨਾਲਾ ਵਿੱਚ ਜ਼ਿਲ੍ਹਾ ਪੱਧਰੀ ਕੈਂਪ ਲਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਬਜ਼ੁਰਗਾਂ ਲਈ ਅੱਖਾਂ ਦੀ ਜਾਂਚ, ਹੱਡੀਆਂ ਦੀ ਜਾਂਚ, ਗੈਰ-ਸੰਕ੍ਰਾਮਕ ਬਿਮਾਰੀਆਂ ਦੀ ਸਕ੍ਰੀਨਿੰਗ, ਫਿਜ਼ੀਓਥੈਰੇਪੀ, ਮਨੋਵਿਗਿਆਨਿਕ ਸਲਾਹ ਅਤੇ ਹੋਰ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਬਜ਼ੁਰਗ ਇੱਕੋ ਥਾਂ @ਤੇ ਵੱਖ-ਵੱਖ ਤਜਰਬੇਕਾਰ ਡਾਕਟਰਾਂ ਅਤੇ ਮਾਹਿਰਾਂ ਤੋਂ ਆਪਣੀ ਸਿਹਤ ਦੀ ਜਾਂਚ ਕਰਵਾ ਸਕਣ। ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਰਤਿੰਦਰਪਾਲ ਕੌਰ ਨੇ ਦੱਸਿਆ ਕਿ ਕੈਂਪ ਦੌਰਾਨ ਮੌਕੇ @ਤੇ ਹੀ ਪੈਨਸ਼ਨ ਅਤੇ ਸੀਨੀਅਰ ਸਿਟੀਜ਼ਨ ਕਾਰਡ ਬਣਾਉਣ ਲਈ ਤਕਨੀਕੀ ਟੀਮਾਂ ਤਾਇਨਾਤ ਰਹਿਣਗੀਆਂ। ਬਜ਼ੁਰਗਾਂ ਦੀ ਮਾਨਸਿਕ ਅਤੇ ਸਰੀਰਕ ਸਿਹਤ ਲਈ ਯੋਗਾ ਸੈਸ਼ਨ ਵੀ ਹੋਵੇਗਾ। ਇਸ ਦੇ ਨਾਲ-ਨਾਲ ਸਮਾਜਿਕ ਸੁਰੱਖਿਆ ਵਿਭਾਗ ਨਾਲ ਸਬੰਧਿਤ ਵੱਖ-ਵੱਖ ਭਲਾਈ ਸਕੀਮਾਂ ਬਾਰੇ ਵੀ ਬਜ਼ੁਰਗਾਂ ਜਾਣਕਾਰੀ ਦਿੱਤੀ ਜਾਵੇਗੀ ਜਿਵੇਂ ਕਿ ਬੁਢਾਪਾ ਪੈਨਸ਼ਨ, ਸੀਨੀਅਰ ਸਿਟੀਜ਼ਨ ਕਾਰਡ, ਬਾਬਾ ਫੂਲ ਸਰਕਾਰੀ ਬਿਰਧ ਘਰ, ਤਪਾ ਅਤੇ ਬੈਂਕਾਂ ਵੱਲੋਂ ਬਜ਼ੁਰਗਾਂ ਲਈ ਚਲਾਈਆਂ ਜਾ ਰਹੀਆਂ ਵਿਸ਼ੇਸ਼ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ। ਓਨ੍ਹਾਂ ਦੱਸਿਆ ਕਿ 20 ਫਰਵਰੀ ਨੂੰ ਸੀ.ਐਚ.ਸੀ ਧਨੌਲਾ, 24 ਫਰਵਰੀ ਬਾਬਾ ਫੂਲ ਸਰਕਾਰੀ ਬਿਰਧ ਘਰ ਤਪਾ, 27 ਫਰਵਰੀ ਨੂੰ ਸੀ.ਐਚ.ਸੀ ਮਹਿਲ ਕਲਾਂ ਅਤੇ ਸੀ.ਐਚ.ਸੀ ਭਦੌੜ ਵਿੱਚ ਵੀ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਓਨ੍ਹਾਂ ਜ਼ਿਲ੍ਹੇ ਦੇ ਬਜ਼ੁਰਗਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ।



## ਲਹਿਰਾਗਾਗਾ ਪੁਲਿਸ ਦੀ ਵੱਡੀ ਕਾਰਵਾਈ 'ਆਪਰੇਸਨ ਪ੍ਰਹਾਰ-2' ਤਹਿਤ ਕੀਤੀ ਇੰਟਰਸਟੇਟ ਨਾਕੇਬੰਦੀ

ਲਹਿਰਾਗਾਗਾ 10 ਫਰਵਰੀ ( ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ )

ਪੰਜਾਬ ਸਰਕਾਰ ਅਤੇ ਉੱਚ ਪੁਲਿਸ ਅਧਿਕਾਰੀਆਂ ਵੱਲੋਂ ਨਸਾ ਵਿਰੋਧੀ ਵਿੱਢੀ ਗਈ ਮੁਹਿੰਮ @ ਅਪ੍ਰੇਸਨ ਪ੍ਰਹਾਰ-2 ਦੇ ਤਹਿਤ ਲਹਿਰਾਗਾਗਾ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਪੰਜਾਬ ਹਰਿਆਣਾ ਬਾਰਡਰ ਤੇ ਕੀਤੀ ਗਈ ਇੰਟਰਸਟੇਟ ਨਾਕੇਬੰਦੀ ਦੌਰਾਨ 7 ਅਪਰਾਧਿਕ ਵਿਅਕਤੀਆਂ ਅਤੇ ਇੱਕ ਨਸਾ ਤਸਕਰ ਨੂੰ ਗ੍ਰਿਫਤਾਰ ਕੀਤਾ ਗਿਆ ।ਪੁਲਿਸ ਵੱਲੋਂ ਇਹ ਕਾਰਵਾਈ ਪੰਜਾਬ ਅਤੇ ਹਰਿਆਣਾ ਦੀ ਹੱਦ @ਤੇ ਸਥਿਤ ਪੁਲਿਸ ਚੌਂਕੀ ਚੋਟੀਆਂ ਵਿਖੇ ਵਿਸ਼ੇਸ ਨਾਕੇਬੰਦੀ ਦੌਰਾਨ ਕੀਤੀ ਗਈ। ਅਪ੍ਰੇਸਨ ਪ੍ਰਹਾਰ 2 ਦੀ ਅਗਵਾਈ ਕਰ ਰਹੇ ਡੀ ਐਸ ਪੀ ਸ ਰਣਬੀਰ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਵੱਖ-ਵੱਖ ਅਪਰਾਧਿਕ ਮਾਮਲਿਆਂ ਚ 7 ਵਿਅਕਤੀਆਂ ਤੇ ਇੱਕ ਨਸਾ ਤਸਕਰ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਸ ਕੋਲੋਂ ਨਸੀਲੇ ਪਦਾਰਥ ਬਰਾਮਦ ਹੋਇਆ । ਉਨਾਂ ਨੇ ਕਿਹਾ 150 ਨਸੀਲੀਆਂ ਗੋਲੀਆਂ, 60 ਤੋਂ ਵੱਧ ਵੀਕਲਾਂ ਦੀ ਚੈਕਿੰਗ ਅਤੇ 15 ਟ੍ਰੈਫਿਕ ਚਲਾਨ ਕੱਟੇ ਗਏ ਇਸ ਮੁਹਿੰਮ ਦਾ ਮੁੱਖ ਉਦੇਸ ਸਰਹੱਦੀ ਇਲਾਕਿਆਂ ਰਾਹੀਂ ਹੁੰਦੀ ਨਸਾ ਤਸਕਰੀ ਨੂੰ ਨੱਥ ਪਾਉਣਾ ਅਤੇ ਸਮਾਜ ਵਿਰੋਧੀ ਅਨਸਰਾਂ @ਤੇ ਸਿਕੰਜਾ ਕੱਸਣਾ ਹੈ.ਪੁਲਿਸ ਅਧਿਕਾਰੀਆਂ ਅਨੁਸਾਰ ਫੜੇ ਗਏ ਮੁਲਜਮਾਂ ਖਿਲਾਫ ਕਾਨੂੰਨੀ ਕਾਰਵਾਈ ਸੁਰੂ ਕਰ ਦਿੱਤੀ ਗਈ ਹੈ ਅਤੇ ਉਨ੍ਹਾਂ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਨਸਾ ਤਸਕਰੀ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਇਆ ਜਾ ਸਕੇ। ਡੀਐਸਪੀ ਨੇ ਕਿਹਾ ਕਿ ਇਲਾਕਾ ਹਰਿਆਣਾ ਨਾਲ ਲੱਗਦਾ ਹੋਣ ਦੇ ਚਲਦੇ ਪੁਲਿਸ ਵੱਲੋਂ ਸਮਾਜ ਵਿਰੋਧੀ ਅਨਸਰਾਂ ਤੇ ਨਸਾ ਸਮਗਲਰਾਂ ਤੇ ਪੈਣੀ ਨਜਰ ਰੱਖੀ ਜਾ ਰਹੀ ਹੈ। ਸਮੇਂ ਸਮੇਂ ਤੇ ਇੰਟਰਸਟੇਟ ਨਾਕੇਬੰਦੀ ਕਰਕੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਈ ਜਾ ਰਹੀ ਹੈ, ਉਹਨਾਂ ਕਿਹਾ ਕਿ ਕਿਸੇ ਵੀ ਸਮਾਜ ਵਿਰੋਧੀ ਅਨਸਰ ਜਾਂ ਨਸਾ ਤਸਕਰ ਨੂੰ ਕਿਸੇ ਵੀ ਕੀਮਤ ਤੇ ਬਖਸਿਆ ਨਹੀਂ ਜਾਵੇਗਾ, ਉਹਨਾਂ ਲੋਕਾਂ ਨੂੰ ਅਪੀਲ ਕੀਤੀ ਗਈ ਸਮਾਜ ਵਿਰੋਧੀ ਅਨਸਰਾਂ ਦੀ ਜਾਣਕਾਰੀ ਪੁਲਿਸ ਨੂੰ ਦਿੱਤੀ ਜਾਵੇ, ਜਾਣਕਾਰੀ ਦੇਣ ਵਾਲੇ ਦਾ ਨਾਮ ਅਤੇ ਪਤਾ ਗੁਪਤ ਰੱਖਿਆ ਜਾਵੇਗਾ। ਇਸ ਮੌਕੇ ਇੰਸਪੈਕਟਰ ਮਨਪ੍ਰੀਤ ਸਿੰਘ ਇੰਚਾਰਜ ਥਾਣਾ ਲਹਿਰਾ, ਏਐਸਆਈ ਸਤਨਾਮ ਸਿੰਘ ਇੰਚਾਰਜ ਚੌਂਕੀ ਚੋਟੀਆਂ ਤੋਂ ਇਲਾਵਾ ਵੱਡੀ ਗਿਣਤੀ ਚ ਪੁਲਿਸ ਮੁਲਾਜਮ ਹਾਜਰ ਸਨ।





## ਬੇਸਹਾਰਾ ਪਸ਼ੂਆਂ ਦੇ ਚਮਕਦਾਰ ਰਿਫਲੈਕਟਰ ਪਾਏ ਗਏ



ਸੁਨਾਮ ਉਧਮ ਸਿੰਘ ਵਾਲਾ (ਰਾਜਿੰਦਰ ਕੁਮਾਰ ਸਾਹ) ਟਰੈਫਿਕ ਪੁਲਿਸ ਸੁਨਾਮ ਦੇ ਇੰਚਾਰਜ ਏਐਸਆਈ ਨਿਰਭੈ ਸਿੰਘ ਵੱਲੋਂ ਅੱਜ ਸੁਨਾਮ ਸ਼ਹਿਰ ਵਿੱਚ ਬੇਸਹਾਰਾ ਪਸ਼ੂਆਂ ਦੇ ਗਲਾਂ ਵਿੱਚ ਰਾਤ ਨੂੰ ਦੁਰਘਟਨਾ ਤੋਂ ਬਚਣ ਵਾਸਤੇ ਰੋਟਰੀ ਕਲੱਬ ਸੁਨਾਮ ਦੇ ਸਹਿਯੋਗ ਨਾਲ ਚਮਕਦਾਰ ਰਿਫਲੈਕਟਰ ਪਾਏ ਗਏ ਇਸ ਮੌਕੇ ਤੇ ਉਹਨਾਂ ਦੇ ਨਾਲ ਪਾਲੀ ਨੰਬਰਦਾਰ ਸਰਪੰਚ ਪਿੰਡ ਨਾਕਟੇ ਹਰਜਿੰਦਰ ਸਿੰਘ, ਅਤੇ ਪੁਲਿਸ ਵਿਭਾਗ ਵੱਲੋਂ ਦਿਲਬਾਗ ਸਿੰਘ ਹਾਜ਼ਰ ਸਨ

## ਮਾਲੇਰਕੋਟਲਾ ਪੁਲਸ ਨੇ ਜ਼ਿਲੇ ਅੰਦਰ ਅਪ੍ਰੇਸ਼ਨ ਪਰਹਾਰ-2 ਤਹਿਤ ਕੀਤੀ ਛਾਪੇਮਾਰੀ ਤੇ ਨਾਕਾਬੰਦੀ




ਮਾਲੇਰਕੋਟਲਾ, 9 ਫਰਵਰੀ ( (ਮੁਨਸ਼ੀ ਫਾਰੂਕ) ਪੰਜਾਬ ਰਾਜ ਨੂੰ ਗੈਂਗਸ਼ਟਰਵਾਦ ਅਤੇ ਸੰਗਠਿਤ ਅਪਰਾਧ ਤੋਂ ਮੁਕਤ ਕਰਨ ਲਈ ਪੰਜਾਬ ਸਰਕਾਰ ਅਤੇ ਡਾਇਰੈਕਟਰ ਜਨਰਲ ਆਫ ਪੁਲਸ ਪੰਜਾਬ ਵੱਲੋਂ ਚਲਾਈ ਜਾ ਰਹੀ ਗੈਂਗਸ਼ਟਰਾਂ 'ਤੇ ਵਾਰ ਮੁਹਿੰਮ ਤਹਿਤ ਮਾਲੇਰਕੋਟਲਾ ਪੁਲਸ ਵੱਲੋਂ ਸਖਤ ਨੀਤੀ ਅਪਨਾਉਂਦੇ ਹੋਏ 72 ਘੰਟਿਆਂ ਲਈ ਵਿਸ਼ੇਸ਼ ਕਾਰਵਾਈ ਅਪ੍ਰੇਸ਼ਨ ਪਰਹਾਰ-2 ਦੀ ਸ਼ੁਰੂਆਤ ਕੀਤੀ ਗਈ।ਇਸ ਅਪ੍ਰੇਸ਼ਨ ਦਾ ਮਕਸਦ ਜ਼ਿਲੇ ਅੰਦਰ ਸਰਗਰਮ ਗੈਂਗਸ਼ਟਰਾਂ, ਉਨ੍ਹਾਂ ਦੇ ਸਹਿਯੋਗੀਆਂ ਅਤੇ ਹੋਰ ਗੰਭੀਰ ਅਪਰਾਧਾਂ 'ਚ ਸ਼ਾਮਲ ਗਲਤ ਤੱਤਾਂ ਉੱਪਰ ਨਕੇਲ ਕਸਣਾ ਹੈ। ਇਸ ਅਹਿਮ ਅਤੇ ਸੰਵੇਦਨਸ਼ੀਲ ਕਾਰਵਾਈ ਦੀ ਅਗਵਾਈ ਜ਼ਿਲਾ ਪੁਲਸ ਮੁਖੀ ਐੱਸ.ਐੱਸ.ਪੀ. ਗਗਨ ਅਜੀਤ ਸਿੰਘ ਖੁਦ ਕਰ ਰਹੇ ਹਨ।ਉਨ੍ਹਾਂ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਮਾਲੇਰਕੋਟਲਾ ਜ਼ਿਲੇ ਦੇ ਵੱਖ-ਵੱਖ ਇਲਾਕਿਆਂ 'ਚ ਮਾੜੇ ਅਨਸਰਾਂ 'ਤੇ ਛਾਪੇਮਾਰੀ ਕਰਨ ਦੇ ਨਾਲ-ਨਾਲ ਨਾਕਾਬੰਦੀ ਕਰਕੇ ਆਮ ਲੋਕਾਂ ਦੇ ਵਾਹਨਾਂ ਸਮੇਤ ਵੀ.ਆਈ.ਪੀ. ਨੰਬਰਾਂ ਵਾਲੀਆਂ ਗੱਡੀਆਂ ਦੀ ਵੀ ਬਿਨਾਂ ਕਿਸੇ ਭੇਦਭਾਵ ਦੇ ਗਹਿਰਾਈ ਨਾਲ ਤਲਾਸ਼ੀ ਲਈ ਜਾ ਰਹੀ ਹੈ, ਤਾਂ ਜੋ ਕਿਸੇ ਵੀ ਤਰ੍ਹਾਂ ਦੇ ਮਾੜੇ ਅਨਸਰ ਨੂੰ ਕਾਨੂੰਨ ਦੀ ਪਕੜ ਤੋਂ ਬਚਣ ਦਾ ਮੌਕਾ ਨਾ ਮਿਲ ਸਕੇ। ਸਥਾਨਕ ਸੱਟਾ ਚੌਂਕ ਤੋਂ ਪੈਦਲ ਫਲੈਗ ਮਾਰਚ ਸ਼ੁਰੂ ਕਰਨ ਤੋਂ ਪਹਿਲਾਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਜ਼ਿਲਾ ਪੁਲਸ ਮੁਖੀ ਗਗਨ ਅਜੀਤ ਨੇ ਦੱਸਿਆ ਕਿ ਅਪ੍ਰੇਸ਼ਨ ਪਰਹਾਰ-2 ਤਹਿਤ ਮਾਲੇਰਕੋਟਲਾ ਪੁਲਸ ਵੱਲੋਂ ਪੂਰੀ ਯੋਜਨਾਂ ਅਤੇ ਰਣਨੀਤੀ ਨਾਲ ਵੱਡੀ ਕਾਰਵਾਈ ਅਮਲ 'ਚ ਲਿਆਂਦੀ ਗਈ ਹੈ।ਇਸ ਵਿਸ਼ੇਸ਼ ਅਪ੍ਰੇਸ਼ਨ ਲਈ ਐੱਸ.ਪੀ. ਹੈੱਡ ਕੁਆਰਟਰ, ਐੱਸ.ਪੀ. ਇਨਵੈਸਟੀਗੇਸ਼ਨ, ਜ਼ਿਲੇ ਭਰ ਦੇ ਡੀ.ਐੱਸ.ਪੀਜ਼, ਥਾਣਾ-ਚੌਂਕੀਆਂ ਦੇ ਮੁਖੀ, ਜ਼ਿਲਾ ਸਪੈਸ਼ਲ ਸਟਾਫ ਅਤੇ ਸੈਂਕੜੇ ਪੁਲਸ ਕਰਮਚਾਰੀ ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਜ਼ਿਲੇ ਅੰਦਰਲੇ ਵੱਖ-ਵੱਖ ਥਾਣਿਆਂ ਦੇ ਖੇਤਰਾਂ 'ਚ ਗੈਂਗਸ਼ਟਰਾਂ, ਉਨ੍ਹਾਂ ਦੇ ਸਹਿਯੋਗੀਆਂ ਅਤੇ ਹੋਰ ਕਰਾਇਮ 'ਚ ਸ਼ਾਮਲ ਵਿਅਕਤੀਆਂ ਦੇ ਟਿਕਾਣਿਆਂ 'ਤੇ ਅੱਜ ਇੱਕਠੇ ਛਾਪੇਮਾਰੀ ਕੀਤੀ ਜਾ ਰਹੀ ਹੈ।ਛਾਪੇਮਾਰੀ ਦੌਰਾਨ ਪੁਲਸ ਟੀਮਾਂ ਵੱਲੋਂ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ, ਦਸਤਾਵੇਜ਼ਾਂ ਦੀ ਜਾਂਚ ਅਤੇ ਹੋਰ ਕਾਨੂੰਨੀ ਕਾਰਵਾਈ ਕੀਤੀ ਗਈ। ਐੱਸ.ਐੱਸ.ਪੀ. ਗਗਨ ਅਜੀਤ ਨੇ ਕਿਹਾ ਕਿ ਅਪ੍ਰੇਸ਼ਨ ਪਰਹਾਰ-2 ਦੇ ਤਹਿਤ ਹੁਣ ਤੱਕ ਜ਼ਿਲਾ ਮਾਲੇਰਕੋਟਲਾ 'ਚੋਂ ਗੈਂਗਸ਼ਟਰਵਾਦ ਅਤੇ ਹੋਰ ਗੰਭੀਰ ਅਪਰਾਧਾਂ 'ਚ ਸ਼ਾਮਲ 76 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ।ਇਨ੍ਹਾਂ ਵਿਅਕਤੀਆਂ ਖਿਲਾਫ ਕਾਨੂੰਨ ਅਨੁਸਾਰ ਸਖਤ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਆਪਣੇ ਇਲਾਕੇ 'ਚ ਕਿਸਸੇ ਵੀ ਤਰ੍ਹਾਂ ਦੀ ਅਪਰਾਧਿਕ ਗਤੀਵਿਧੀ, ਗੈਂਗਸ਼ਟਰਾਂ ਦੀ ਹਲਚਲ ਜਾਂ ਸ਼ੱਕੀ ਵਿਅਕਤੀਆਂ ਬਾਰੇ ਜਾਣਕਾਰੀ ਮਿਲਦੀ ਹੈ ਤਾਂ ਉਰੰਤ ਪੁਲਸ ਨੂੰ ਸੂਚਿਤ ਕੀਤਾ ਜਾਵੇ। ਇਸ ਮੌਕੇ ਐੱਸ.ਪੀ. ਇਨਵੈਸਟੀਗੇਸ਼ਨ ਸੱਤਪਾਲ ਸ਼ਰਮਾਂ, ਡੀ.ਐੱਸ.ਪੀ. ਮਾਲੇਰਕੋਟਲਾ ਮਾਨਵਜੀਤ ਸਿੰਘ, ਡੀ.ਐੱਸ.ਪੀ. ਯਾਦਵਿੰਦਰ ਸਿੰਘ, ਸਾਈਬਰ ਸੈੱਲ ਥਾਣੇ ਦੇ ਮੁਖੀ ਮਨਜੋਤ ਸਿੰਘ, ਥਾਣਾ ਸਿਟੀ-2 ਦੇ ਮੁੱਖ ਅਫਸਰ ਦਰਸ਼ਨ ਸਿੰਘ, ਜ਼ਿਲਾ ਟ੍ਰੈਫਿਕ ਇੰਚਾਰਜ਼ ਬਲਵੀਰ ਸਿੰਘ, ਮਾਲੇਰਕੋਟਲਾ ਸਿਟੀ ਟ੍ਰੈਫਿਕ ਇੰਚਾਰਜ਼ ਗੁਰਮੁੱਖ ਸਿੰਘ ਲੱਡੀ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।

## ਅਗਨੀਵੀਰ ਭਰਤੀ ਲਈ ਲਿਖਤੀ ਪੇਪਰ ਦੀ ਤਿਆਰੀ ਵਾਸਤੇ ਸਿਖ਼ਲਾਈ ਸ਼ੁਰੂ

**ਸੀ-ਪਾਈਟ ਕੈਂਪ ਨਾਭਾ ਵਿਚ ਦਾਖ਼ਲਾ ਲੈ ਸਕਦੇ ਹਨ ਨੌਜਵਾਨ**



ਬਰਨਾਲਾ, 10 ਫਰਵਰੀ(ਅਵਤਾਰ ਸਿੰਘ ਫਰਵਾਹੀ)ਅਗਨੀਵੀਰ ਫੌਜ ਵਿੱਚ ਭਰਤੀ ਹੋਣ ਲਈ ਜ਼ਿਲ੍ਹਾ ਬਰਨਾਲਾ ਦੇ ਚਾਹਵਾਨ ਨੌਜਵਾਨ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਕਰਵਾ ਕੇ ਲਿਖਤੀ ਪੇਪਰ ਦੀ ਤਿਆਰੀ ਲਈ ਸੀ-ਪਾਈਟ ਕੈਂਪ ਨਾਭਾ ਵਿਚ ਦਾਖ਼ਲਾ ਲੈ ਸਕਦੇ ਹਨ। ਸੀ-ਪਾਈਟ ਕੈਂਪ ਨਾਭਾ ਦੇ ਟ੍ਰੇਨਿੰਗ ਅਫ਼ਸਰ ਸ੍ਰੀ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਕੈਂਪ ਵਿਚ ਸਿਖਲਾਈ ਰਹਿਣਾ- ਖਾਣਾ ਸਭ ਸਰਕਾਰ ਵੱਲੋਂ ਮੁਫਤ ਹੈ। ਕੈਂਪ ਸ਼ੁਰੂ ਹੋ ਚੁੱਕਾ ਹੈ, ਜਿਸ ਵਿੱਚ ਸੀਮਤ ਸੀਟਾਂ ਹੀ ਹਨ, ਜਿਹੜੇ ਕਾਬਲ ਨੌਜਵਾਨ ਪਹਿਲਾਂ ਦਾਖਲਾ ਲੈਣਗੇ, ਉਨ੍ਹਾਂ ਨੂੰ ਹੀ ਸਿਖ਼ਲਾਈ ਦਿੱਤੀ ਜਾਵੇਗੀ। ਅਗਨੀਵੀਰ ਰਜਿਸਟ੍ਰੇਸ਼ਨ ਲਈ ਆਰਮੀ ਦੀ ਸਾਈਟ @ਤੇ ਅਪਲਾਈ ਕੀਤਾ ਜਾ ਸਕਦਾ ਹੈ। ਇਸ ਦਾ ਲਿਖਤੀ ਪੇਪਰ ਅਪ੍ਰੈਲ ਮਹੀਨੇ ਵਿੱਚ ਹੋਵੇਗਾ। ਜਿਹੜੇ ਨੌਜਵਾਨ ਲਿਖਤੀ ਪੇਪਰ ਪਾਸ ਕਰ ਲੈਣਗੇ, ਉਨ੍ਹਾਂ ਦਾ ਦੁਬਾਰਾ ਸਰੀਰਕ ਪ੍ਰੀਖਿਆ ਲਈ ਕੈਂਪ ਲਗਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਇਹ ਸਾਰੀ ਪ੍ਰਕਿਰਿਆ ਦੀ ਤਿਆਰੀ ਪੰਜਾਬ ਸਰਕਾਰ ਵੱਲੋਂ ਮੁਫ਼ਤ ਹੈ। ਚਾਹਵਾਨ ਨੌਜਵਾਨਾਂ ਨੂੰ ਬੇਨਤੀ ਹੈ ਕਿ ਜਲਦੀ ਤੋਂ ਜਲਦੀ ਆਪਣੀ ਰਜਿਸਟ੍ਰੇਸ਼ਨ ਕਰਵਾ ਕੇ ਕੈਂਪ ਵਿੱਚ ਦਾਖ਼ਲਾ ਲੈਣ।

## ਸਿਵ ਭੋਲੇ ਲੰਗਰ ਦੀ ਤਿਆਰੀ 'ਚ ਮੀਟਿੰਗ




ਸੁਨਾਮ ਉਧਮ ਸਿੰਘ ਵਾਲਾ (ਰਾਜਿੰਦਰ ਕੁਮਾਰ ਸਾਹ) ਸ੍ਰੀ ਸਿ ?ਵ ਬਾਬਾ ਸਿ ?ਵ ਭੋਲੇ ਲੰਗਰ ਕਮੇਟੀ ਦੀ ਇੱਕ ਜਰੂਰੀ ਮੀਟਿੰਗ ਸ੍ਰੀ ਸੰਜੀਵ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਆਉਣ ਵਾਲੇ ਸਮੇਂ ਅੰਦਰ ਜੰਮੂ ਕਸ਼ਮੀਰ ਵਿੱਚ ਸਿ ?ਵ ਭੋਲੇ ਦਾ ਲੰਗਰ ਲਾਉਣ ਲਈ ਤਿਆਰੀਆਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਹਾਜਰ ਮੈਂਬਰਾਂ ਨੇ ਆਪਣੇ ਆਪਣੇ ਸੁਝਾਉ ਦਿੱਤੇ ਤੇ ਤਿਆਰੀਆਂ ਦੀ ਰੂਪ ਰੇਖਾ ਤੇ ਵੀ ਵਿਚਾਰਾਂ ਹੋਈਆਂ। ਇਸ ਮੌਕੇ ਤੇ ਪ੍ਰਧਾਨ ਸੰਜੀਵ ਕੁਮਾਰ ਤੋਂ ਇਲਾਵਾ ਚੇਅਰਮੈਨ ਜੀਵਨ ਗੁਪਤਾ, ਜਨਰਲ ਸਕੱਤਰ ਸੁਰਿੰਦਰ ਕੁਮਾਰ , ਜੁਆਇੰਟ ਸਕੱਤਰ ਮਹੇਸ਼ ਕੁਮਾਰ,ਕੈਸੀ ?ਅਰ ਮੁਨੀਸ਼ ਕੁਮਾਰ, ਜੁਆਇੰਟ ਕੈਸੀ ?ਅਰ ਸੰਤੋਸ਼ ਕੁਮਾਰ, ਪਰੈਸ ਸਕੱਤਰ ਡਾ, ਨਰਿੰਦਰ ਸੰਧੇ,ਸਮੇਤ ਮੈਂਬਰਾਂ ਅਸੋ ?ਕ ਕੁਮਾਰ, ਦੀਪਕ ਗਰਗ, ਟੋਨੀ ਗੋਇਲ, ਮੁਕੇਸ਼ ਕੁਮਾਰ, ਰਾਮੇਸ਼ਵਰ ਦਾਸ, ਨਰੇਸ਼ ਸਿੰਗਲਾ, ਸੁਸੀ ?ਲ ਭਟੇਜਾ , ਪਵਨ ਕੁਮਾਰ ਭੋਲਾ, ਨਰੇਸ਼ ਕੁਮਾਰ ਨੇਸੀ ?, ਵਿਪਨ ਗੋਇਲ , ਰਾਜੇਸ਼ ਕੁਮਾਰ , ਹਿਟਲਰ ਗਰਗ, ਰਜ਼ਨੀਸ਼ ਕੁਮਾਰ,ਭੀਮ ਸੈਨ ਤੇ ਬਬਲੂ ਸਮੇਤ ਕਮੇਟੀ ਮੈਂਬਰਾਂ ਨੇ ਮੀਟਿੰਗ ਵਿੱਚ ਹਾਜਰੀ ਲਵਾਈ । ਅਤੇ ਵਿਚਾਰ ਚਰਚਾ ਵਿੱਚ ਹਿਸਾ ਲਿਆ ਤੇ ਹੁਣੇ ਤੋਂ ਹੀ ਲੰਗਰ ਦੀਆਂ ਤਿਆਰੀਆਂ ਸੁ ?ਰੂ ਕਰਨ ਦਾ ਫੈਸਲਾ ਕੀਤਾ। ਮੀਟਿੰਗ ਵਿੱਚ ਭਾਰੀ ਗਿਣਤੀ ਵਿੱਚ ਮੈਂਬਰਾਂ ਨੇ ਭਾਗ ਲਿਆ।

## 13 ਫਰਵਰੀ ਨੂੰ ਮਹਿੰਦਰਾ ਕਾਲਜ ਵਿਖੇ ਹੋਵੇਗਾ ਵਿਰਾਸਤੀ ਕਵੀ ਦਰਬਾਰ, ਚੋਟੀ ਦੇ ਕਵੀ ਕਰਨਗੇ ਸ਼ਮੂਲੀਅਤ-ਹਰਜੋਤ ਕੌਰ ਮਾਵੀ

**ਨੋਡਲ ਅਫ਼ਸਰ ਐਸ.ਡੀ.ਐਮ ਵੱਲੋਂ ਮਹਿੰਦਰਾ ਕਾਲਜ ਵਿਖੇ ਤਿਆਰੀਆਂ ਦਾ ਜਾਇਜ਼ਾ, ਪ੍ਰਿੰਸੀਪਲ ਨਾਲ ਬੈਠਕ**



ਪਟਿਆਲਾ 10 ਫਰਵਰੀ (ਦੇਸ਼ ਪ੍ਰਦੇਸ਼ ਬਿਊਰੋ)

ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੱਲੋਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਵਿੱਚ ਕਰਵਾਏ ਜਾਣ ਵਾਲੇ ਪਟਿਆਲਾ ਹੈਰੀਟੇਜ ਮੇਲੇ-2026 ਦੌਰਾਨ 13 ਫਰਵਰੀ ਨੂੰ ਕਵੀ ਸਰਕਾਰੀ ਮਹਿੰਦਰਾ ਕਾਲਜ ਵਿਖੇ ਦਰਬਾਰ ਕਰਵਾਇਆ ਜਾਵੇਗਾ। ਇਸ ਸਬੰਧੀ ਐਸ.ਡੀ.ਐਮ. ਪਟਿਆਲਾ ਹਰਜੋਤ ਕੌਰ ਮਾਵੀ ਨੇ ਦੱਸਿਆ ਕਿ ਵਿਰਾਸਤੀ ਕਵੀ ਦਰਬਾਰ ਸਰਕਾਰੀ ਮਹਿੰਦਰਾ ਕਾਲਜ ਵਿਖੇ ਸਵੇਰੇ 10 ਵਜੇ ਸ਼ੁਰੂ ਹੋਵੇਗਾ।ਉਨ੍ਹਾਂ ਨੇ ਇਸ ਕਵੀ ਦਰਬਾਰ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮਹਿੰਦਰਾ ਕਾਲਜ ਦੇ ਪ੍ਰਿੰਸੀਪਲ ਨਿਸ਼ਠਾ ਤ੍ਰਿਪਾਠੀ ਅਤੇ ਹੋਰ ਅਧਿਆਪਨ ਅਮਲੇ ਨਾਲ ਬੈਠਕ ਵੀ ਕੀਤੀ। ਐਸ.ਡੀ.ਐਮ. ਹਰਜੋਤ ਕੌਰ ਮਾਵੀ ਨੇ ਦੱਸਿਆ ਕਿ ਇਸ ਵਿਰਾਸਤੀ ਕਵੀ ਦਰਬਾਰ ਵਿੱਚ ਪੰਜਾਬੀ, ਉਰਦੂ ਤੇ ਪੁਆਧੀ ਦੇ ਨਾਮਵਰ ਕਵੀ ਆਪਣੇ ਕਲਾਮ ਪੇਸ਼ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਕਵੀ ਦਰਬਾਰ 'ਚ ਭਾਸ਼ਾ ਵਿਭਾਗ ਦੇ ਡਾਇਰੈਕਟਰ ਤੇ ਉਘੇ ਕਵੀ ਜਸਵੰਤ ਸਿੰਘ ਜ਼ਫ਼ਰ ਸਮੇਤ ਸੁਰਜੀਤ ਜੱਜ ਫਗਵਾੜਾ, ਤ੍ਰੈਲੋਚਨ ਲੋਚੀ ਲੁਧਿਆਣਾ, ਬਲਵਿੰਦਰ ਸੰਧੂ ਪਟਿਆਲਾ, ਡਾ. ਗੁਰਸੇਵਕ ਲੰਬੀ ਪੰਜਾਬੀ ਯੂਨੀਵਰਸਿਟੀ, ਅਵਤਾਰਜੀਤ ਸਿੰਘ ਪਟਿਆਲਾ, ਸੰਤ ਸਿੰਘ ਸੋਹਲ ਫਤਹਿਗੜ੍ਹ ਸਾਹਿਬ, ਡਾ. ਰੂਬੀਨਾ ਸ਼ਬਨਮ ਮਾਲੇਰਕੋਟਲਾ, ਡਾ. ਆਸ਼ਾ ਕਿਰਨ ਪਟਿਆਲਾ, ਗੁਰਪ੍ਰੀਤ ਢਿੱਲੋਂ ਪਟਿਆਲਾ, ਨਵਦੀਪ ਮੁੰਡੀ ਪਟਿਆਲਾ, ਅੰਮ੍ਰਿਤਪਾਲ ਸ਼ੈਦਾ ਪਟਿਆਲਾ, ਜਸਵਿੰਦਰ ਚਾਹਲ ਮਾਨਸਾ, ਸ਼ਤੀਸ਼ ਵਿਦਰੋਹੀ ਪੰਜੋਲਾ, ਚਰਨ ਪੁਆਧੀ ਕੈਥਲ (ਹਰਿਆਣਾ), ਗੁਰਵਿੰਦਰ ਅਮਨ ਰਾਜਪੁਰਾ ਤੇ ਕਿਰਪਾਲ ਮੂਣਕ ਸ਼ਮੂਲੀਅਤ ਕਰਨਗੇ।ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਡਾ. ਸੁਖਦਰਸ਼ਨ ਚਾਹਲ ਕਵੀ ਦਰਬਾਰ ਦਾ ਸੰਚਾਲਨ ਕਰਨਗੇ। ਇਸ ਕਵੀ ਦਰਬਾਰ ਦੌਰਾਨ ਕਵੀਆਂ ਵੱਲੋਂ ਪੰਜਾਬ ਦੀ ਵਿਰਾਸਤ, ਸੱਭਿਆਚਾਰ ਤੇ ਸੰਸਕ੍ਰਿਤੀ ਬਾਰੇ ਕਲਾਮ ਪੇਸ਼ ਕਰਨਗੇ।